ਰੋਜ਼ਾਨਾ ਲੋਕ ਬਾਣੀ ਨੂੰ ਪੱਤਰਕਾਰਾਂ ਦੀ ਲੋੜ 99155-94111

ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ
# ਲੋਕ ਬਾਣੀ
DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਮੰਗਲਵਾਰ, 24 ਸਤੰਬਰ 2024
Email:- lokbani08@gmail.com

**ਅੱਜ ਦਾ ਸ਼ੁਭ ਵਿਚਾਰ**



ਜਨਤਕ ਤੌਰ ਤੇ ਕੀਤੀ ਗਈ ਆਲੋਚਨਾ ਅਪਮਾਨ ਵਿੱਚ ਬਦਲ ਜਾਂਦੀ ਹੈ ਅਤੇ ਇਕਾਂਤ ਵਿੱਚ ਦੱਸਣ ਤੇ ਸਲਾਹ ਬਣ ਜਾਂਦੀ ਹੈ।

**ਕਮਲ ਅਗਰਵਾਲ**

ਰੋਜ਼ਾਨਾ ਲੋਕ ਬਾਣੀ
www.lokbani.com

R. N. I. Punpun/29016/2008 ✻ ਸਾਲ 16 , ✻ ਅੰਕ : 107, ✻ ਮੁੱਲ : 6 ਰੁਪਏ ✻ ਕੁੱਲ ਪੇਜ: 10 ✻ ਦਫਤਰ : 0181-2211009 ✻ M : 99155-94111

DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS JALANDHAR CITY
www.dipsimt@gmail.com ( dipsimt@gmail.com )
CONTACT : 95010-00697 , 97806-00998

## ਪੋਪ ਹੋਏ ਬਿਮਾਰ ਸਾਰੇ ਪ੍ਰੋਗਰਾਮ ਕੀਤੇ ਗਏ ਰੱਦ



**ਰੋਮ, ਲੋਕ ਬਾਣੀ**--ਪੋਪ ਫਰਾਂਸਿਸ ਨੇ ਬੈਲਜੀਅਮ ਅਤੇ ਲਗਜ਼ਮਬਰਗ ਦੇ ਦੌਰਿਆਂ 'ਤੇ ਜਾਣ ਤੋਂ ਕੁੱਝ ਦਿਨ ਪਹਿਲਾਂ 'ਹਲਕੇ ਫਲੂ ਵਰਗੇ ਲੱਛਣਾਂ' ਕਾਰਨ ਅੱਜ ਆਪਣੇ ਪ੍ਰੋਗਰਾਮ ਰੱਦ ਕਰ ਦਿੱਤੇ। ਵੈਟੀਕਨ ਵੱਲੋਂ ਜਾਰੀ ਬਿਆਨ ਵਿੱਚ ਇਸ ਨੂੰ ਇੱਕ 'ਇਹਤਿਆਤੀ ਕਦਮ' ਕਰਾਰ ਦਿੱਤਾ ਗਿਆ ਹੈ। ਪੋਪ ਫਰਾਂਸਿਸ ਵੀਰਵਾਰ ਨੂੰ ਲਗਜ਼ਮਬਰਗ ਦਾ ਦੌਰਾ ਕਰਨਗੇ। ਇਸ ਮਗਰੋਂ ਉਹ ਹਫ਼ਤੇ ਦਾ ਬਾਕੀ ਦਿਨ ਬੈਲਜੀਅਮ ਵਿੱਚ ਬਿਤਾਉਣਗੇ। ਪੋਪ ਫਰਾਂਸਿਸ (87) ਪਿਛਲੇ ਕੁਝ ਸਾਲਾਂ ਤੋਂ ਸਿਹਤ ਸਮੱਸਿਆਵਾਂ ਨਾਲ ਜੂਝ ਰਹੇ ਹਨ। ਉਹ ਏਸ਼ੀਆ ਦੇ ਚਾਰ ਦੇਸ਼ਾਂ ਦੀ 11 ਦਿਨਾਂ ਦੀ ਯਾਤਰਾ ਮਗਰੋਂ 13 ਸਤੰਬਰ ਨੂੰ ਪਰਤੇ ਸਨ।

## ਛੱਤੀਸਗੜ੍ਹ ਵਿਚ ਡਿੱਗੀ ਆਸਮਾਨੀ ਬਿਜਲੀ ਅੱਠ ਦੀ ਹੋਈ ਮੌਤ



**ਛੱਤੀਸਗੜ੍ਹ, ਲੋਕ ਬਾਣੀ**--ਛੱਤੀਸਗੜ੍ਹ ਦੇ ਰਾਜਨੰਦਗਾਂਵ ਜ਼ਿਲ੍ਹੇ ਵਿਚ ਸੋਮਵਾਰ ਨੂੰ ਅਸਮਾਨੀ ਬਿਜਲੀ ਡਿੱਗਣ ਕਾਰਨ ਸਕੂਲੀ ਬੱਚਿਆਂ ਸਮੇਤ 8 ਵਿਅਕਤੀਆਂ ਦੀ ਮੌਤ ਹੋ ਗਈ ਅਤੇ ਇੱਕ ਵਿਅਕਤੀ ਜ਼ਖਮੀ ਹੋ ਗਿਆ। ਰਾਜਨੰਦਗਾਓਂ ਜ਼ਿਲ੍ਹੇ ਦੇ ਪੁਲੀਸ ਸੁਪਰਡੈਂਟ ਮੋਹਿਤ ਗਰਗ ਨੇ ਦੱਸਿਆ ਕਿ ਜ਼ਿਲ੍ਹੇ ਦੇ ਸੋਮਣੀ ਥਾਣਾ ਖੇਤਰ ਅਧੀਨ ਪੈਂਦੇ ਪਿੰਡ ਜੋਰਾਤਰਾਈ ਵਿੱਚ ਅੱਜ ਦੁਪਹਿਰ ਕਰੀਬ ਡੇਢ ਵਜੇ ਅਸਮਾਨੀ ਬਿਜਲੀ ਡਿੱਗਣ ਕਾਰਨ ਕੁਝ ਸਕੂਲੀ ਬੱਚਿਆਂ ਸਮੇਤ ਅੱਠ ਵਿਅਕਤੀਆਂ ਦੀ ਮੌਤ ਹੋ ਗਈ ਅਤੇ ਇੱਕ ਹੋਰ ਵਿਅਕਤੀ ਜ਼ਖ਼ਮੀ ਹੋ ਗਿਆ।

## ਅਦਾਲਤ ਨੇ ਦਿੱਲੀ ਕੋਚਿੰਗ ਸੈਂਟਰ ਮਾਮਲੇ ਵਿੱਚ ਦਿੱਤੀ ਜਮਾਨਤ





**ਦਿੱਲੀ , ਲੋਕ ਬਾਣੀ**-- ਦਿੱਲੀ ਦੀ ਇਕ ਅਦਾਲਤ ਨੇ ਅੱਜ ਰਾਉ ਦੇ ਆਈ. ਏ.ਐਸ. ਸਟੱਡੀ ਸਰਕਲ, ਜਿਥੇ ਕਿ ਹੜ੍ਹ ਨਾਲ ਭਰੇ ਬੇਸਮੈਂਟ ਵਿਚ ਜੁਲਾਈ ਵਿਚ ਸਿਵਲ ਸੇਵਾਵਾਂ ਦੇ ਤਿੰਨ ਉਮੀਦਵਾਰਾਂ ਦੀ ਮੌਤ ਹੋ ਗਈ ਸੀ, ਦੇ ਮਾਮਲੇ ਵਿਚ ਸੈਂਟਰ ਦੇ ਸੀ.ਈ.ਓ. ਅਭਿਸ਼ੇਕ ਗੁਪਤਾ ਅਤੇ ਇਸ ਦੇ ਕੋਆਰਡੀਨੇਟਰ ਦੇਸ਼ਪਾਲ ਸਿੰਘ ਨੂੰ 7 ਦਸੰਬਰ ਤੱਕ ਅੰਤਰਿਮ ਜ਼ਮਾਨਤ ਦੇ ਦਿੱਤੀ ਹੈ। ਪ੍ਰਿੰਸੀਪਲ ਜ਼ਿਲ੍ਹਾ ਅਤੇ ਸੈਸ਼ਨ ਜੱਜ ਅੰਜੂ ਬਜਾਜ ਚੰਦਨਾ ਨੇ ਦੋਸ਼ੀ ਵਿਅਕਤੀਆਂ ਨੂੰ 1-1 ਲੱਖ ਰੁਪਏ ਦੇ ਨਿੱਜੀ ਮੁਚਲਕੇ 'ਤੇ ਇੰਨੀ ਹੀ ਰਕਮ ਦੀਆਂ ਦੋ ਜ਼ਮਾਨਤਾਂ ਦੇ ਨਾਲ ਰਾਹਤ ਦਿੱਤੀ। ਜੱਜ ਨੇ ਗੁਪਤਾ ਨੂੰ ਰੈੱਡ ਕਰਾਸ ਸੁਸਾਇਟੀ ਕੋਲ 30 ਨਵੰਬਰ ਤੱਕ 2.5 ਕਰੋੜ ਰੁਪਏ ਜਮ੍ਹਾ ਕਰਵਾਉਣ ਦਾ ਵੀ ਨਿਰਦੇਸ਼ ਦਿੱਤਾ ਅਤੇ ਕਿਹਾ ਕਿ ਅਹਾਤੇ ਦੇ ਲੀਜ਼ ਸਮਝੌਤੇ ਅਨੁਸਾਰ, ਦੋਸ਼ੀ ਇਕੱਲਾ ਸੰਸਥਾ ਦਾ ਪਟੇਦਾਰ ਅਤੇ ਸੀ.ਈ.ਓ. ਹੈ

## ਕੁਮਾਰੀ ਸ਼ੈਲਜਾ ਬੋਲੀ ਮੈਂ ਕਾਂਗਰਸ ਹਾਂ ਰਹਾਂਗੀ




**ਦਿੱਲੀ, ਲੋਕ ਬਾਣੀ**--ਕਾਂਗਰਸ ਜਨਰਲ ਸਕੱਤਰ ਕੁਮਾਰੀ ਸ਼ੈਲਜਾ ਬਾਰੇ ਪਾਰਟੀ ਤੋਂ ਨਰਾਜ਼ਗੀ ਦੀਆਂ ਖਬਰਾਂ ਵਿਚਕਾਰ ਉਨ੍ਹਾਂ ਸੋਮਵਾਰ ਨੂੰ ਕਿਹਾ ਕਿ ਉਹ ਕਾਂਗਰਸੀ ਹਨ ਅਤੇ ਅਗਲੇ 2-3 ਦਿਨਾਂ ਵਿਚ ਪ੍ਰਚਾਰ ਸ਼ੁਰੂ ਕਰਨਗੇ। ਉਨ੍ਹਾਂ ਕਿਹਾ ਕਿ ਪਾਰਟੀ ਵਿਚ 100 ਤਰ੍ਹਾਂ ਦੀਆਂ ਗੱਲਾਂ ਹੁੰਦੀਆਂ ਹਨ, ਪਰ ਉਹ ਪਾਰਟੀ ਦੇ ਅੰਦਰ ਦੀਆਂ ਗੱਲਾਂ ਹਨ। ਕਾਂਗਰਸ ਪਾਰਟੀ ਨੂੰ ਜਿਤਾਉਣ ਲਈ ਅਤੇ ਮਜ਼ਬੂਤ ਕਰਨ ਲਈ ਅਸੀਂ ਹਮੇਸ਼ਾ ਮਿਹਨਤ ਕੀਤੀ ਹੈ, ਤਾਂ ਜੋ ਹਰਿਆਣਾ ਦੇ ਲੋਕਾਂ ਦੀ ਲੜਾਈ ਲੜ ਸਕੀਏ। ਕੁਮਾਰੀ ਸ਼ੈਲਜਾ ਨੇ ਕਿਹਾ ਕਿ ਉਹ ਅਗਲੇ 2-3 ਦਿਨ ਵਿਚ ਪ੍ਰਚਾਰ ਸ਼ੁਰੂ ਕਰਨਗੇ। ਭਾਜਪਾ ਵੱਲੋਂ ਕੀਤੀ ਗਈ ਟਿੱਪਣੀ ਬਾਰੇ ਉਨ੍ਹਾਂ ਕਿਹਾ ਕਿ ਮੈਂ ਚੁੱਪ ਸੀ ਇਸ ਲਈ ਉਹ ਅਜਿਹੀਆਂ ਗੱਲਾਂ ਕਰਦੇ ਹਨ, ਉਨ੍ਹਾਂ ਨੂੰ ਅਤੇ ਸਭ ਨੂੰ ਪਤਾ ਹੈ ਕੁਮਾਰੀ ਸ਼ੈਲਜਾ ਕਾਂਗਰਸੀ ਹੈ। ਜ਼ਿਕਰਯੋਗ ਹੈ ਕਿ ਦਲਿਤ ਆਗੂ ਦੇ ਹਰਿਆਣਾ ਵਿਧਾਨ ਸਭਾ ਚੋਣਾਂ ਵਿਚ ਪ੍ਰਚਾਰ ਤੋਂ ਦੂਰ ਰਹਿਣ ਕਾਰਨ ਭਾਜਪਾ ਕਾਂਗਰਸ ਪਾਰਟੀ 'ਤੇ ਲਗਾਤਰ ਨਿਸ਼ਾਨੇ ਸੇਧ ਰਹੀ ਹੈ।

## ਛੱਤੀਸਗੜ੍ਹ ਚ ਸੁਰੱਖਿਆ ਬਲਾਂ ਨੇ ਤਿੰਨ ਨਕਸਲੀਆਂ ਨੂੰ ਕੀਤਾ ਢੇਰ



**ਛੱਤੀਸਗੜ੍ਹ, ਲੋਕ ਬਾਣੀ**--ਨਰਾਇਣਪੁਰ ਪੁਲਿਸ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਅੱਜ ਨਕਸਲੀਆਂ ਅਤੇ ਸੁਰੱਖਿਆ ਬਲਾਂ ਵਿਚ ਹੋਏ ਮੁਕਾਬਲੇ ਦੌਰਾਨ 2 ਪੁਰਸ਼ ਅਤੇ 1 ਔਰਤ ਸਮੇਤ 3 ਨਕਸਲੀ ਮਾਰੇ ਗਏ। ਅਧਿਕਾਰੀਆਂ ਨੇ ਦੱਸਿਆ ਕਿ ਉਨ੍ਹਾਂ ਪਾਸੋਂ ਏ.ਕੇ. 47 ਅਤੇ ਹੋਰ ਹਥਿਆਰ ਅਤੇ ਗੋਲਾ ਬਾਰੂਦ ਵੀ ਬਰਾਮਦ ਕੀਤਾ ਗਿਆ ਹੈ ਤੇ ਤਲਾਸ਼ੀ ਅਭਿਆਨ ਅਜੇ ਜਾਰੀ ਹੈ। ਇਸ ਸੰਬੰਧੀ ਹੋਰ ਵੇਰਵਿਆਂ ਦੀ ਉਡੀਕ ਕੀਤੀ ਜਾ ਰਹੀ ਹੈ।

## ਪੰਜਾਬ ਵਿੱਚ ਆਪ ਨੇ ਕੰਮ ਕਰਨ ਦੀ ਬਜਾਏ ਬਦਲ ਦਿੱਤੇ ਪੰਜ ਮੰਤਰੀ



**ਚੰਡੀਗੜ੍ਹ, ਵਿਨੋਦ ਸ਼ਰਮਾ**--ਪੰਜਾਬ ਦੀ ਕੈਬਨਿਟ ਵਿਚ ਅੱਜ 5 ਨਵੇਂ ਮੰਤਰੀਆਂ ਨੂੰ ਸ਼ਾਮਿਲ ਕੀਤਾ ਗਿਆ। ਵਿਸਥਾਰ ਤੋਂ ਬਾਅਦ ਮੰਤਰੀਆਂ ਦੇ ਵਿਭਾਗਾਂ ਵਿਚ ਵੀ ਫੇਰਬਦਲ ਕੀਤਾ ਗਿਆ ਹੈ। ਇਸ ਫ਼ੇਰਬਦਲ ਤਹਿਤ ਹਰਦੀਪ ਸਿੰਘ ਮੁੰਡਿਆਂ ਨੂੰ ਮਾਲ, ਸ਼ਹਿਰੀ ਵਿਕਾਸ ਤੇ ਵਾਟਰ ਸਪਲਾਈ ਵਿਭਾਗ ਦਿੱਤੇ ਗਏ ਹਨ। ਬਰਿੰਦਰ ਗੋਇਲ ਨੂੰ ਮਾਈਨਿੰਗ, ਜਲ ਸਰੋਤ ਤੇ ਜਲ ਤੇ ਜ਼ਮੀਨ ਸੰਭਾਲ ਮੰਤਰਾਲਾ, ਮੋਹਿੰਦਰ ਭਗਤ ਨੂੰ ਡਿਫੈਂਸ ਸਰਵਿਸ, ਆਜ਼ਾਦੀ ਘੁਲਾਟੀਏ ਤੇ ਬਾਗਵਾਨੀ ਵਿਭਾਗ ਦੀ ਡੋਰ ਸੌਂਪੀ ਗਈ ਹੈ। ਡਾ. ਰਵਜੋਤ ਸਿੰਘ ਨੂੰ ਲੋਕਲ ਬਾਡੀ ਵਿਭਾਗ ਤੇ ਪਾਰਲੀਮਾਨੀ ਮਾਮਲੇ ਅਤੇ ਤਰੁਨਪ੍ਰੀਤ ਸਿੰਘ ਸੌਂਦ ਨੂੰ ਸੈਰ ਸਪਾਟਾ ਤੇ ਸੱਭਿਆਚਾਰ, ਉਦਯੋਗ ਤੇ ਵਪਾਰ ਸਮੇਤ ਪੇਂਡੂ ਤੇ ਪੰਚਾਇਤ ਵਿਭਾਗ ਸੌਂਪੇ ਗਏ ਹਨ।

## ਸੜਕ ਹਾਦਸੇ ਵਿੱਚ ਦੋ ਦੀ ਹੋਈ ਮੌਤ ਇਕ ਜ਼ਖ਼ਮੀ



**ਮੋਹਾਲੀ , ਲੋਕ ਬਾਣੀ**- ਅੱਜ ਲਾਂਡਰਾ ਚੌਕ ਦੇ ਨੇੜੇ ਗੁਰਦੁਆਰਾ ਦੇ ਸਾਹਮਣੇ ਇਕ ਸੜਕ ਹਾਦਸਾ ਵਾਪਰ ਗਿਆ, ਜਿਸ ਵਿਚ ਇਕ ਕਾਰ ਨੇ ਮੋਟਰਸਾਈਕਲ ਸਵਾਰ ਇਕ ਪਰਿਵਾਰ ਨੂੰ ਟੱਕਰ ਮਾਰ ਦਿੱਤੀ। ਇਸ ਹਾਦਸੇ ਵਿਚ ਮਾਂ ਅਤੇ ਬੱਚੇ ਦੀ ਮੌਕੇ 'ਤੇ ਹੀ ਮੌਤ ਹੋ ਗਈ ਅਤੇ ਪਿਤਾ ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਿਆ। ਪੁਲਿਸ ਵਲੋਂ ਮੌਕੇ 'ਤੇ ਪੁੱਜ ਕੇ ਮ੍ਰਿਤਕਾਂ ਨੂੰ ਸਿਵਲ ਹਸਪਤਾਲ ਮੋਹਾਲੀ ਵਿਖੇ ਰਖਵਾ ਦਿੱਤਾ ਗਿਆ ਤੇ ਹਾਦਸੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

## ਕਰੋੜਾਂ ਦੇ ਘਪਲੇ ਮਾਮਲੇ ਵਿਚ ਭਗੌੜਾ ਪਨਸਪ ਮੈਨੇਜਰ ਕੀਤਾ ਗਿਆ ਕਾਬੂ



**ਲੁਧਿਆਣਾ, ਸੁਖਚੈਨ ਮਹਿਰਾ**--ਵਿਜੀਲੈਂਸ ਬਿਊਰੋ ਨੇ ਲੁਧਿਆਣਾ ਜ਼ਿਲ੍ਹੇ ਦੀਆਂ ਅਨਾਜ ਮੰਡੀਆਂ ਵਿਚ ਬਹੁ-ਕਰੋੜੀ ਝੋਨਾ ਘੁਟਾਲੇ ਦੇ ਕੇਸ ਵਿਚ ਭਗੌੜੇ ਪਨਸਪ (ਲੁਧਿਆਣਾ) ਦੇ ਸਾਬਕਾ ਜ਼ਿਲ੍ਹਾ ਮੈਨੇਜਰ (ਡੀ. ਐਮ.) ਜਗਨਦੀਪ ਸਿੰਘ ਢਿੱਲੋਂ ਨੂੰ ਗ੍ਰਿਫ਼ਤਾਰ ਕੀਤਾ ਹੈ। ਦੱਸਣਯੋਗ ਹੈ ਕਿ ਜਗਨਦੀਪ ਸਿੰਘ ਢਿੱਲੋਂ ਵਲੋਂ ਅੱਜ ਲੁਧਿਆਣਾ ਦੀ ਅਦਾਲਤ ਵਿਚ ਆਤਮ ਸਮਰਪਣ ਕੀਤੇ ਜਾਣ ਉਪਰੰਤ ਵਿਜੀਲੈਂਸ ਬਿਊਰੋ ਨੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ।

## ਬਚਿਆਂ ਨਾਲ ਭਰਿਆ ਆਟੋ ਪਲਟਿਆ ਕਈ ਬੱਚੇ ਜ਼ਖ਼ਮੀ




**ਰੂਪਨਗਰ, ਲੋਕ ਬਾਣੀ** --ਪੰਜਾਬ ਦੇ ਰੂਪਨਗਰ ਤੋਂ ਵੱਡੀ ਖਬਰ ਸਾਹਮਣੇ ਆ ਰਹੀ ਹੈ ਜਿਥੇ ਰੂਪਨਗਰ ਵਿੱਚ ਸਕੂਲ ਦੇ ਬੱਚਿਆਂ ਨੂੰ ਲੈ ਕੇ ਜਾ ਰਿਹਾ ਆਟੋ ਹਾਦਸੇ ਦਾ ਸ਼ਿਕਾਰ ਹੋ ਗਿਆ। ਹਾਦਸੇ ਵਿੱਚ ਆਟੋ ਵਿੱਚ ਬੈਠੇ 5 ਬੱਚਿਆਂ ਨੂੰ ਸੱਟਾਂ ਲੱਗੀਆਂ ਹਨ। ਜ਼ਖ਼ਮੀ ਹਾਲਤ ਵਿਚ ਬੱਚਿਆਂ ਨੂੰ ਸਰਕਾਰੀ ਹਸਪਤਾਲ ਦਾਖ਼ਲ ਕਰਵਾਇਆ ਗਿਆ ਹੈ। ਘਟਨਾ ਦੀ ਸੂਚਨਾ ਬੱਚਿਆਂ ਦੇ ਪਰਿਵਾਰ ਵਾਲਿਆਂ ਨੂੰ ਅਤੇ ਸਕੂਲ ਵਾਲਿਆਂ ਨੂੰ ਦੇ ਦਿੱਤੀ ਗਈ ਹੈ।

ਪੱਤਰਕਾਰਾਂ ਲਈ ਸੁਨਹਿਰਾ ਮੌਕਾ
ਪੰਜਾਬ ਦੇ ਹਰ ਜਿਲੇ ਤੋਂ ਰੋਜਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ
ਲੋਕ ਬਾਣੀ ਸੰਗਮ ਕੰਪਕੈਲਸ, ਮਿਲਾਪ ਚੌਕ ਜਲੰਧਰ 99155-94111

# ਵਿਜੀਲੈਂਸ ਬਿਊਰੋ ਨੇ ਵੱਡਾ ਥਾਣੇਦਾਰ 20 ਹਜ਼ਾਰ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀ ਕੀਤਾ ਕਾਬੂ




ਪਟਿਆਲਾ, (ਲੋਕ ਬਾਣੀ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਪਟਿਆਲਾ ਜ਼ਿਲ੍ਹੇ ਦੇ ਥਾਣਾ ਪਾਤੜਾਂ ਵਿਖੇ ਤਾਇਨਾਤ ਸਹਾਇਕ ਸਬ-ਇੰਸਪੈਕਟਰ (ਏ.ਐਸ.ਆਈ.) ਅਮਰੀਕ ਸਿੰਘ ਨੂੰ 20,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਅਸ਼ੋਕ ਕੁਮਾਰ ਵਾਸੀ ਪਾਤੜਾਂ ਕਸਬਾ, ਜ਼ਿਲ੍ਹਾ ਪਟਿਆਲਾ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਕਿ ਉਸਦੇ ਅਤੇ ਉਸਦੇ ਸਾਥੀਆਂ ਖਿਲਾਫ ਥਾਣਾ ਪਾਤੜਾਂ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਸੀ ਅਤੇ ਉਕਤ ਪੁਲਿਸ ਅਧਿਕਾਰੀ ਅਦਾਲਤ ਵਿੱਚ ਇਸ ਕੇਸ ਨਾਲ ਸਬੰਧਤ ਅਖ਼ਰਾਜ ਰਿਪੋਰਟ ਦਾਖ਼ਲ ਕਰਨ ਲਈ 20,000 ਦੀ ਰਿਸ਼ਵਤ ਦੀ ਮੰਗ ਕਰ ਰਿਹਾ ਸੀ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਅਤੇ ਦੋਸ਼ੀ ਏ.ਐਸ.ਆਈ. ਅਮਰੀਕ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 20,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ । ਇਸ ਸਬੰਧੀ ਮੁਲਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

# ਪੰਜਾਬ ਦੇ ਪੰਜ ਨਵੇਂ ਮੰਤਰੀਆਂ ਨੇ ਲਿਆ ਹਲ਼ਫ, ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਤੇ ਸੀਐਮ ਮਾਨ ਵੀ ਮੌਜੂਦ



ਚੰਡੀਗੜ੍ਹ, (ਲੋਕ ਬਾਣੀ) ਪੰਜਾਬ ਦੇ ਪੰਜ ਨਵੇਂ ਕੈਬਨਿਟ ਮੰਤਰੀਆਂ ਨੂੰ ਅੱਜ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਅਹੁਦੇ ਅਤੇ ਭੇਦ ਗੁਪਤ ਰੱਖਣ ਦੀ ਸਹੁੰ ਚੁਕਾਈ। ਇੱਥੇ ਰਾਜ ਭਵਨ ਵਿਖੇ ਸਾਦਾ ਸਹੁੰ ਚੁੱਕ ਸਮਾਗਮ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਕਈ ਹੋਰ ਪਤਵੰਤਿਆਂ ਦੀ ਹਾਜ਼ਰੀ ਵਿੱਚ ਹੋਇਆ। ਮੁੱਖ ਸਕੱਤਰ ਅਨੁਰਾਗ ਵਰਮਾ ਨੇ ਸਹੁੰ ਚੁੱਕ ਸਮਾਗਮ ਦੀ ਕਾਰਵਾਈ ਚਲਾਈ।

ਅੱਜ ਸਹੁੰ ਚੁੱਕਣ ਵਾਲੇ ਨਵੇਂ ਮੰਤਰੀਆਂ ਵਿੱਚ ਹਰਦੀਪ ਸਿੰਘ ਮੁੰਡੀਆਂ (ਵਿਧਾਇਕ ਸਾਹਨੇਵਾਲ), ਬਰਿੰਦਰ ਕੁਮਾਰ ਗੋਇਲ (ਵਿਧਾਇਕ ਲਹਿਰਾ), ਤਰੁਨਪ੍ਰੀਤ ਸਿੰਘ ਸੌਂਦ (ਵਿਧਾਇਕ ਖੰਨਾ), ਡਾ. ਰਵਜੋਤ ਸਿੰਘ (ਵਿਧਾਇਕ ਸ਼ਾਮਚੁਰਾਸੀ) ਅਤੇ ਮਹਿੰਦਰ ਭਗਤ (ਵਿਧਾਇਕ ਜਲੰਧਰ ਪੱਛਮੀ) ਸ਼ਾਮਲ ਹਨ।

ਇਸ ਮੌਕੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਕੈਬਨਿਟ ਮੰਤਰੀ ਅਮਨ ਅਰੋੜਾ, ਡਾ. ਬਲਜੀਤ ਕੌਰ, ਡਾ. ਬਲਬੀਰ ਸਿੰਘ, ਲਾਲ ਚੰਦ ਕਟਾਰੂਚੱਕ, ਹਰਭਜਨ ਸਿੰਘ ਈ.ਟੀ.ਓ ਅਤੇ ਕੁਲਦੀਪ ਸਿੰਘ ਧਾਲੀਵਾਲ ਸ਼ਾਮਲ ਸਨ।

ਇਸ ਮੌਕੇ ਕਈ ਵਿਧਾਇਕ, ਪਾਰਟੀ ਆਗੂ, ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀ ਅਤੇ ਨਵੇਂ ਬਣੇ ਮੰਤਰੀਆਂ ਦੇ ਪਰਿਵਾਰਕ ਮੈਂਬਰ ਵੀ ਹਾਜ਼ਰ ਹੋਏ।

# ਮੋਹਾਲੀ ਚ 12ਵੀਂ ਜਮਾਤ ਦੇ ਵਿਦਿਆਰਥੀ ਦੀ ਸ਼ੱਕੀ ਹਲਾਤਾਂ ਚ ਹੋਈ ਮੌਤ, ਕਲਾਸ ਚ ਅਚਾਨਕ ਡਿੱਗਿਆ ਨੌਜਵਾਨ



ਮੋਹਾਲੀ-(ਲੋਕ ਬਾਣੀ) ਮੋਹਾਲੀ ਦੇ ਜ਼ੀਰਕਪੁਰ ਦੇ ਪਿੰਡ ਭੁੱਡਾ ਦੇ ਰਹਿਣ ਵਾਲੇ 12ਵੀਂ ਜਮਾਤ ਦੇ ਵਿਦਿਆਰਥੀ ਪਰਮਦੀਪ ਸਿੰਘ ਦੀ ਸ਼ੱਕੀ ਹਾਲਾਤਾਂ ਚ ਮੌਤ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਵਿਦਿਆਰਥੀ ਸਕੂਲ ਵਿੱਚ ਅਚਾਨਕ ਬੇਹੋਸ਼ ਹੋ ਗਿਆ, ਜਿਸ ਤੋਂ ਬਾਅਦ ਉਸ ਨੂੰ ਸੈਕਟਰ-32 ਹਸਪਤਾਲ ਚੰਡੀਗੜ੍ਹ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ।ਘਟਨਾ ਦੁਪਹਿਰ 12 ਵਜੇ ਦੇ ਕਰੀਬ ਵਾਪਰੀ, ਜਦੋਂ ਪਰਮਦੀਪ ਆਪਣੀ ਕਲਾਸ ਚ ਮੌਜੂਦ ਸੀ। ਸਕੂਲ ਦੀ ਪ੍ਰਿੰਸੀਪਲ ਮੀਨਾਕਸ਼ੀ ਨੇ ਦੱਸਿਆ ਕਿ ਵਿਦਿਆਰਥੀ ਖੜ੍ਹੇ ਹੁੰਦੇ ਹੋਏ ਅਚਾਨਕ ਡਿੱਗ ਗਿਆ। ਜਲਦੀ ਹੀ, ਉਸ ਨੂੰ ਮੁੱਢਲੀ ਸਹਾਇਤਾ ਦਿੱਤੀ ਗਈ ਅਤੇ ਡਾਕਟਰੀ ਸਹਾਇਤਾ ਲਈ ਹਸਪਤਾਲ ਭੇਜ ਦਿੱਤਾ ਗਿਆ।

ਪਰਮਦੀਪ ਆਪਣੇ ਮਾਪਿਆਂ ਦਾ ਛੋਟਾ ਪੁੱਤਰ ਸੀ। ਉਸਦੇ ਪਰਿਵਾਰ ਵਿੱਚ ਉਸਦੀ ਇੱਕ ਵੱਡੀ ਭੈਣ ਵੀ ਹੈ। ਘਟਨਾ ਦੀ ਸੂਚਨਾ ਮਿਲਦੇ ਹੀ ਸਥਾਨਕ ਪ੍ਰਸ਼ਾਸਨ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਿਸ ਅਤੇ ਸਿਹਤ ਵਿਭਾਗ ਨੇ ਵਿਦਿਆਰਥੀ ਦੀ ਮੌਤ ਦੇ ਕਾਰਨਾਂ ਦਾ ਪਤਾ ਲਗਾਉਣ ਲਈ ਫੋਰੈਂਸਿਕ ਜਾਂਚ ਦੇ ਹੁਕਮ ਦਿੱਤੇ ਹਨ। ਸਿੱਖਿਆ ਵਿਭਾਗ ਨੇ ਸਕੂਲ ਪ੍ਰਸ਼ਾਸਨ ਤੋਂ ਇਸ ਸਬੰਧੀ ਵਿਸਥਾਰਤ ਰਿਪੋਰਟ ਵੀ ਮੰਗੀ ਹੈ।

# ਮੁੱਖ ਮੰਤਰੀ ਨੇ ਇੱਕ ਆਪਣੇ OSD ਦੀ ਕੀਤੀ ਛੁੱਟੀ



(ਲੋਕ ਬਾਣੀ) ਪੰਜਾਬ ਦੇ ਸੀ.ਐਮ ਭਗਵੰਤ ਮਾਨ ਐਕਸ਼ਨ ਮੋਡ ਵਿੱਚ ਆ ਗਏ ਹਨ। ਸੀ.ਐਮ. ਮਾਨ ਵੱਲੋਂ ਮੰਤਰੀ ਮੰਡਲ ਵਿੱਚ ਫੇਰਬਦਲ ਕੀਤਾ ਜਾ ਰਿਹਾ ਹੈ। ਇਸ ਦੌਰਾਨ ਖ਼ਬਰ ਸਾਹਮਣੇ ਆਈ ਹੈ ਕਿ ਸੀ.ਐਮ. ਮਾਨ ਨੇ ਆਪਣੇ ਓ.ਐਸ.ਡੀ. ਉਂਕਾਰ ਸਿੰਘ ਦੀ ਛੁੱਟੀ ਕਰ ਦਿੱਤੀ ਹੈ।

ਉਂਕਾਰ ਸਿੰਘ ਪੰਜਾਬ ਮੰਡੀ ਬੋਰਡ ਵਿੱਚ ਠੇਕੇ 'ਤੇ ਸੀ। ਉਨ੍ਹਾਂ ਨੇ ਇਹ ਫੈਸਲਾ ਕਿਉਂ ਲਿਆ ਹੈ, ਇਸ ਬਾਰੇ ਕੋਈ ਜਾਣਕਾਰੀ ਨਹੀਂ ਮਿਲੀ ਹੈ। ਫਿਲਹਾਲ ਕਿਹਾ ਜਾ ਰਿਹਾ ਹੈ ਕਿ ਉਨ੍ਹਾਂ ਨੂੰ ਨਿੱਜੀ ਕਾਰਨਾਂ ਕਰਕੇ ਹਟਾਇਆ ਗਿਆ ਹੈ।

# ਨੈਤਿਕ ਸਿੱਖਿਆ ਦੀ ਪ੍ਰੀਖਿਆ ਵਿੱਚ ਐੱਫ. ਐੱਸ.ਡੀ.ਸੀਨੀਅਰ ਸੈਕੰਡਰੀ ਸਕੂਲ ਜੋਧਪੁਰ ਪਾਖਰ ਦੀ ਵਿਦਿਆਰਥਣ ਨੇ ਪ੍ਰਾਪਤ ਕੀਤਾ ਦੂਸਰਾ ਸਥਾਨ




ਤਲਵੰਡੀ ਸਾਬੋ(ਲੋਕ ਬਾਣੀ) ਸ੍ਰੀ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਖੇਤਰ ਤਲਵੰਡੀ ਸਾਬੋ ਵੱਲੋਂ ਵਿਦਿਆਰਥੀਆਂ ਦੀ ਸਖਸੀਅਤ ਉਸਾਰੀ ਦੇ ਮਕਸਦ ਨਾਲ ਹਰ ਸਾਲ ਦੀ ਤਰ੍ਹਾਂ ਨੈਤਿਕ ਸਿੱਖਿਆ ਦੀ ਪ੍ਰੀਖਿਆ ਕਰਵਾਈ ਗਈ। ਜਿਸ ਵਿੱਚ 36 ਸਕੂਲਾਂ ਦੇ

3000 ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ।ਇਸ ਪ੍ਰੀਖਿਆ ਦਾ ਨਤੀਜਾ ਖੇਤਰ ਸਕੱਤਰ ਇੰਸਪੈਕਟਰ ਸ੍ਰ.ਸ਼ਮਸ਼ੇਰ ਸਿੰਘ ਵੱਲੋਂ ਜਾਰੀ ਕੀਤਾ ਗਿਆ। ਇਸ ਪ੍ਰੀਖਿਆ ਵਿੱਚੋਂ ਦਰਜਾ ਦੂਸਰਾ (ਛੇਵੀਂ ਤੋਂ ਅੱਠਵੀਂ) ਦੇ ਪ੍ਰਾਪਤ ਨਤੀਜਿਆਂ ਵਿੱਚੋਂ ਐੱਫ ਐੱਸ ਡੀ ਸੀਨੀ.ਸੈਕੰ.ਸਕੂਲ ਜੋਧਪੁਰ ਪਾਖਰ ਦੀ ਵਿਦਿਆਰਥਣ ਹਰਸ਼ਦੀਪ ਕੌਰ ਸਪੁੱਤਰੀ ਸੁਖਮਿੰਦਰ ਸਿੰਘ ਪਿੰਡ ਜੋਧਪੁਰ ਪਾਖਰ ਨੇ 3000 ਵਿਦਿਆਰਥੀਆ ਵਿੱਚੋਂ ਦੂਸਰਾ ਸਥਾਨ ਹਾਸਲ ਕੀਤਾ। ਪ੍ਰਿੰਸੀਪਲ ਦਵਿੰਦਰ ਸਿੰਘ ਸਿੱਧੂ ਨੇ ਗੱਲਬਾਤ ਕਰਦਿਆ ਕਿਹਾ ਕਿ ਨੈਤਿਕ ਸਿੱਖਿਆ ਦੀ ਪ੍ਰੀਖਿਆ ਲਈ ਵਿਦਿਆਰਥੀ ਜਿੰਨਾਂ ਪੁਸਤਕਾਂ ਤੋਂ ਤਿਆਰੀ ਕਰਦੇ ਹਨ, ਸੰਬੰਧਿਤ ਪੁਸਤਕਾਂ ਦਾ ਹਰ ਪਾਠ ਹਰ ਪੱਖ ਤੋਂ ਵਿਦਿਆਰਥੀਆਂ ਦੀ ਸਖਸੀਅਤ ਉਸਾਰੀ ਲਈ ਬਹੁਤ ਹੀ ਜਾਣਕਾਰੀ ਨਾਲ ਭਰਪੂਰ ਹੈ। ਸਮਾਜਿਕ ਪ੍ਰਾਣੀ ਹੋਣ ਦੇ ਨਾਤੇ ਨੈਤਿਕ ਸਿੱਖਿਆ ਦੀਆਂ ਪੁਸਤਕਾਂ ਜਿਵੇਂ ਗੁਣਤਾਸ,ਮਾਰਗ ਮੋਤੀ ਆਦਿ ਹਰ ਇੱਕ ਇਨਸਾਨ ਨੂੰ ਇੱਕ ਵਾਰ ਜਰੂਰ ਪੜ੍ਹਨੀਆਂ ਚਾਹੀਦੀਆਂ ਹਨ।ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਨਾਲ ਸੰਬੰਧਿਤ ਸਮੂਹ ਮੈਬਰਾਨ ਆਪਣੇ ਸਮੇਂ ਅਤੇ ਕਿਰਤ ਦਾ ਦਸਵੰਧ ਕੱਢਦਿਆ ਹੋਇਆਂ ਨਿਸਕਾਮ ਸੇਵਾ ਕਰ ਰਹੇ ਹਨ। ਵਿਦਿਆਰਥੀਆਂ ਅਤੇ ਸਮਾਜ ਦੀ ਬਿਹਤਰੀ ਅਤੇ ਵਿਕਾਸ ਲਈ ਅਨੇਕਾ ਸ਼ਲਾਘਾਯੋਗ ਕਾਰਜ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋ ਨਿਰਵਿਘਨ ਚੱਲ ਰਹੇ ਹਨ। ਸਮੁੱਚੀ ਮੈਨੇਜਿੰਗ ਕਮੇਟੀ ਅਤੇ ਸਮੂਹ ਸਟਾਫ ਵੱਲੋਂ ਵਿਦਿਆਰਥਣ ਅਤੇ ਸੰਬੰਧਿਤ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ ਗਈ। ਇਸ ਸਮੇਂ ਚੇਅਰਮੈਨ ਕੁਲਦੀਪ ਸਿੰਘ ਮਾਨ, ਮੈਨੇਜਿੰਗ ਡਾਇਰੈਕਟਰ ਬੀਰਬਲ ਸਿੰਘ ਜਟਾਣਾ, ਸਕੱਤਰ ਹਰਜੀਵਨ ਸਿੰਘ ਸਿੱਧੂ , ਲਾਲ ਸਿੰਘ ਮਾਨ ਅਤੇ ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜਰ ਸਨ।

# ਮਾਮਲਾ ਵਿਵਾਦਤ ਇੰਟਰਲਾਕ ਟਾਈਲ ਫੈਕਟਰੀ ਦਾ ਐਸ.ਕੇ.ਐਮ. ਆਗੂ ਨੇ ਵਿਵਾਦਤ ਇੰਟਰਲਾਕ ਇੱਟ ਫੈਕਟਰੀ ਸਬੰਧੀ ਕਰੋੜਾਂ ਰੁਪਏ ਦੇ ਘਪਲੇ ਦੇ ਕੀਤੇ ਅਹਿਮ ਖੁਲਾਸੇ

ਮਲੇਰਕੋਟਲਾ ,(ਲੋਕ ਬਾਣੀ) ਪਿਛਲੇ ਦਿਨਾਂ ਤੋਂ ਜ਼ਿਲ੍ਹਾ ਮਾਲੇਰਕੋਟਲਾ ਅੰਦਰ ਪੈਂਦੀ ਇੱਕ ਵਿਵਾਦਤ ਇੰਟਰਲਾਕ ਇੱਟ ਫੈਕਟਰੀ ਸਬੰਧੀ ਚੱਲ ਰਿਹਾ ਵਿਵਾਦ ਰੁਕਣ ਦਾ ਨਾਮ ਨਹੀਂ ਲੈ ਰਿਹਾ । ਪਿਛਲੇ ਦਿਨੀ ਮਲੇਰਕੋਟਲਾ ਦੇ ਜ਼ਿਲ੍ਹਾ ਪੰਚਾਇਤ ਅਧਿਕਾਰੀਆਂ ਵੱਲੋਂ ਵੀ ਇਸ ਖਾਸ ਫੈਕਟਰੀ ਸਬੰਧੀ ਸਪਸ਼ਟ ਕੀਤਾ ਸੀ ਕਿ ਉਨ੍ਹਾਂ ਵੱਲੋਂ ਵੀ ਕਿਸੇ ਪੰਚਾਇਤ ਅਧਿਕਾਰੀ ਨੂੰ ਹਦਾਇਤ ਨਹੀਂ ਕੀਤੀ ਕਿ ਉਹ ਇੱਟਾਂ ਦੀ ਖਰੀਦ ਇੱਥੋਂ ਕਰੇ । ਹਾਲਾਂਕਿ ਮਾਮਲਾ ਇਹ ਸੀ ਕਿ ਸਾਬਕਾ ਸਰਪੰਚਾਂ ਵੱਲੋਂ ਇਹ ਮੰਗ ਕੀਤੀ ਗਈ ਸੀ ਕਿ ਉਸ ਪੰਚਾਇਤ ਅਧਿਕਾਰੀ ਵੱਲੋਂ ਬਾਕੀ ਪੰਚਾਇਤ ਸਕੱਤਰਾਂ, ਪ੍ਰਬੰਧਕਾਂ , ਸਾਬਕਾ ਸਰਪੰਚਾਂ ਤੇ ਬਦਲੀਆਂ ਦਾ ਦਬਾਅ ਪਾ ਕੇ ਇੱਟਾਂ ਦੀ ਖਰੀਦ ਕਰਵਾਈ ਜਾ ਰਹੀ ਹੈ , ਇਸ ਮਹਾਂ ਇੰਟਰਲਾਕ ਇੱਟ ਖਰੀਦ ਘਪਲੇ ਵਿੱਚ ਕਈ ਹੋਰ ਪੰਚਾਇਤ ਅਧਿਕਾਰੀ ਵੀ ਸ਼ਾਮਿਲ ਹਨ । ਜਿਸ ਤੋਂ ਬਾਅਦ ਹੁਣ ਸੰਯੁਕਤ ਕਿਸਾਨ ਮੋਰਚੇ ਦੇ ਹਲਕਾ ਅਮਰਗੜ੍ਹ ਤੋਂ ਇੰਚਾਰਜ ਸਤਬੀਰ ਸਿੰਘ ਸੀਰਾ ਬਨਭੌਰਾ ਨੇ ਇੱਕ ਪੱਤਰਕਾਰ ਵਾਰਤਾ ਦੌਰਾਨ ਆਖਿਆ ਕਿ ਕਿੰਨੀ ਹੈਰਾਨੀ ਦੀ ਗੱਲ ਹੈ ਕਿ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਦੇ ਨਾਂ ਤੇ ਹੋਂਦ ਵਿੱਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਰਾਜ ਅੰਦਰ ਵਿਧਾਨ ਸਭਾ ਹਲਕਾ ਅਮਰਗੜ੍ਹ ਵਿੱਚ ਇੱਕ ਪੰਚਾਇਤ ਅਧਿਕਾਰੀ



ਦੇ ਪਰਿਵਾਰਕ ਮੈਂਬਰਾਂ ਵੱਲੋਂ ਆਪਣੀ ਖੁਦ ਦੀ ਫੈਕਟਰੀ ਲਗਾ ਕੇ ਬਾਕੀ ਮੁਲਾਜ਼ਮਾਂ ਉੱਪਰ ਦਬਾਅ ਪਾ ਕੇ ਆਪਣੀਆਂ ਇੱਟਾਂ ਵੇਚੀਆਂ ਜਾ ਰਹੀਆਂ ਹਨ । ਉਹਨਾਂ ਆਖਿਆ ਕਿ ਇਹ ਇੱਕ ਕਰੋੜਾਂ ਰੁਪਏ ਦਾ ਘਪਲਾ ਹੈ ਇਸ ਦੀ ਵਿਜੀਲੈਂਸ ਜਾਂਚ ਕੀਤੀ ਜਾਵੇ । ਸੀਰਾ ਬਨਭੌਰਾ ਨੇ ਆਖਿਆ ਕਿ ਕਿੰਨੀ ਹੈਰਾਨੀ ਦੀ ਗੱਲ ਹੈ ਕਿ ਆਮ ਆਦਮੀ ਪਾਰਟੀ ਨੇ ਜੋ ਗੱਲਾਂ ਕੀਤੀਆਂ ਸਨ ਉਹਨਾਂ ਤੇ ਹੀ ਪੂਰਾ ਨਹੀਂ ਉਤਰ ਰਹੀ ਕਿਉਂਕਿ ਇਸ ਵਿਵਾਦਤ ਇੰਟਰਲਾਕ ਫੈਕਟਰੀ ਸਬੰਧੀ ਪਹਿਲਾਂ ਅਖਬਾਰਾਂ ਵਿੱਚ ਖਬਰਾਂ ਪ੍ਰਕਾਸ਼ਿਤ ਹੋਈਆਂ ਸਨ । ਉਸ ਤੋਂ ਬਾਅਦ ਜ਼ਿਲ੍ਹਾ ਪੰਚਾਇਤ ਅਧਿਕਾਰੀ ਨੇ ਸਪਸ਼ਟ ਵੀ ਕੀਤਾ ਹੈ ਪਰ ਉਸ ਤੋਂ ਪਹਿਲਾਂ ਜਿਹੜੀਆਂ ਕਰੋੜਾਂ ਰੁਪਏ ਦੀਆਂ ਇੰਟਰਲਾਕ ਇੱਟਾਂ ਦੀ ਖਰੀਦੋ ਫਰੋਖਤ ਹੋ ਚੁੱਕੀ ਹੈ । ਉਸ ਦਾ ਜਿੰਮੇਵਾਰ ਕੌਣ ਹੈ ਉਹਨਾਂ ਆਖਿਆ ਕਿ ਇਸ ਵਿਵਾਦਤ ਫੈਕਟਰੀ ਸਬੰਧੀ ਉਹ ਜਲਦੀ ਹੀ ਵਿਜੀਲੈਂਸ ਦਫਤਰ ਜਾਣਗੇ ਅਤੇ ਇਸ ਦੀ ਜਾਂਚ ਦੀ ਮੰਗ ਕਰਨਗੇ । ਸ਼ੀਰਾ ਬਨਭੌਰਾ ਨੇ ਆਖਿਆ ਕਿ ਹੈਰਾਨੀਜਨਕ ਤੱਥ ਇਹ ਹੈ ਕਿ ਕੀ ਇੱਕ ਪੰਚਾਇਤ ਅਧਿਕਾਰੀ ਆਪਣੀ ਖੁਦ ਦੀ ਹੀ ਇੰਟਰਲਾਕ ਇੱਟਾਂ ਦੀ ਫੈਕਟਰੀ ਲਗਾ ਕੇ ਆਪਣੇ ਖੁਦ ਦੇ ਹੀ ਹਲਕੇ ਵਿੱਚ ਇੱਟਾਂ ਦੀ ਖਰੀਦੋ ਫਰੋਖਤ ਕਰ ਸਕਦਾ ਹੈ । ਸੰਬੰਧਿਤ ਵਿਭਾਗ ਇਸ ਸਬੰਧੀ ਕੋਈ ਪੜਤਾਲ ਕਿਉਂ ਨਹੀਂ ਕਰ ਰਿਹਾ ਜਾਂ ਇਸ ਸਬੰਧੀ ਜਾਂਚ ਕਿਉਂ ਨਹੀਂ ਕੀਤੀ ਜਾ ਰਹੀ ਕੀ ਸਬੰਧਤ ਵਿਭਾਗ ਨੂੰ ਵਿਖਾਈ ਨਹੀਂ ਦਿੰਦਾ ਕਿ ਇਹ ਫੈਕਟਰੀ ਕਿਸ ਦੀ ਹੈ । ਜਦ ਕਿ ਜ਼ਿਲ੍ਹਾ ਮਲੇਰ ਕੋਟਲਾ ਦੇ ਬਹੁਤ ਸਾਰੇ ਪੰਚਾਇਤ ਅਧਿਕਾਰੀ ਉਸ ਤੋਂ ਤੰਗ ਆ ਚੁੱਕੇ ਹਨ । ਉਹਨਾਂ ਕਿਹਾ ਕਿ ਚੰਗਾ ਹੋਵੇ ਜੇਕਰ ਜ਼ਿਲ੍ਹਾ ਮਲੇਰਕੋਟਲਾ ਦਾ ਪ੍ਰਸ਼ਾਸਨ ਇਸ ਫੈਕਟਰੀ ਤੋਂ ਆਉਂਦੀਆਂ ਇੱਟਾਂ ਦੀ ਖਰੀਦ ਤੁਰੰਤ ਬੰਦ ਕਰੇ ਕਿਉਂਕਿ ਹਲਕਾ ਮਲੇਰ ਕੋਟਲਾ ਦੇ ਵਿਧਾਇਕ ਮੁਹੰਮਦ ਜਮੀਲ ਓਰ ਰਹਿਮਾਨ ਪਹਿਲਾਂ ਹੀ ਇਸ ਫੈਕਟਰੀ ਤੋਂ ਇੱਟਾਂ ਦੀ ਖਰੀਦ ਬੰਦ ਕਰਨ ਸਬੰਧੀ ਆਖ ਚੁੱਕੇ ਹਨ । ਪ੍ਰਸ਼ਾਸਨ ਨੂੰ ਇਸ ਗੰਭੀਰ ਮਸਲੇ ਸਬੰਧੀ ਸਖਤ ਹਦਾਇਤਾਂ ਕਰਦਿਆਂ ਕਿਸੇ ਵੀ ਪੰਚਾਇਤ ਅਧਿਕਾਰੀ ਨੂੰ ਆਖਿਆ ਜਾਵੇ ਕਿ ਉਹ ਇਸ ਫੈਕਟਰੀ ਤੋਂ ਇੱਟਾਂ ਦੀ ਖਰੀਦ ਨਾ ਕਰੇ ।

ਇਸ ਸਬੰਧੀ ਮਲੇਰਕੋਟਲਾ ਦੇ ਜ਼ਿਲ੍ਹਾ ਪੰਚਾਇਤ ਅਧਿਕਾਰੀ ਰਿੰਪੀ ਗਰਗ ਨੇ ਆਖਿਆ ਕਿ ਫੈਕਟਰੀਆਂ ਲਗਾਉਣ ਸਬੰਧੀ ਮਾਮਲਾ ਉਹਨਾਂ ਦੇ ਅਧਿਕਾਰ ਖੇਤਰ ਵਿੱਚ ਨਹੀਂ ਪਰ ਜਿਲ੍ਹਾ ਮਲੇਰਕੋਟਲਾ ਅੰਦਰ ਲੱਗ ਰਹੀਆਂ ਇੰਟਰਨੈਸ਼ਨਲ ਇੱਟਾਂ ਸਰਕਾਰੀ ਹਿਦਾਇਤਾਂ ਮੁਤਾਬਕ ਹੀ ਲੱਗ ਰਹੀਆਂ ਹਨ ਅਤੇ ਇਸ ਸਬੰਧੀ ਉਹਨਾਂ ਵੱਲੋਂ ਪਹਿਲਾਂ ਵੀ ਸਪਸ਼ਟ ਤੌਰ ਤੇ ਆਖਿਆ ਜਾ ਚੁੱਕਿਆ ਹੈ ।

## ਮਹਾਂਰੈਲੀ ਪਟਿਆਲਾ ਇੱਕ ਇਤਿਹਾਸਿਕ ਰੈਲੀ ਡਾ. ਲਾਭ ਸਿੰਘ




ਮਹਿਲ ਕਲਾਂ (ਲੋਕ ਬਾਣੀ) ਮੈਡੀਕਲ ਪ੍ਰੈਕਟੀਸ਼ਨਰਜ ਐਸੋਸੀਏਸ਼ਨ 295 ਪੰਜਾਬ ਦੀ ਸੂਬਾ ਪੱਧਰੀ ਮਹਾਂ ਰੈਲੀ ਜੋ ਕਿ ਪਟਿਆਲਾ ਵਿਖੇ ਹੋਈ, ਜਿਸ ਦੀ ਪ੍ਰਧਾਨਗੀ ਡਾਕਟਰ ਜਸਵਿੰਦਰ ਸਿੰਘ ਕਾਲਖ ਪੰਜਾਬ ਪ੍ਰਧਾਨ ਨੇ ਕੀਤੀ। ਉਸ ਰੈਲੀ ਵਿੱਚ ਜਿਲਾ ਮਾਨਸਾ ਤੋਂ ਬਾਗੀ ਗਰੁੱਪ ਬਲਾਕ ਮਾਨਸਾ ਦੇ ਸਮੂਹਕ ਮੈਂਬਰਾਂ ਦਾ ਉੱਥੇ ਪਹੁੰਚਣ ਤੇ ਜੋ ਭਰਵਾਂ ਸਵਾਗਤ ਹੋਇਆ, ਉਸ ਲਈ ਅਸੀਂ ਉਚੇਚੇ ਤੌਰ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ 295 ਪੰਜਾਬ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਾਂ, ਜਿੰਨਾ ਸਾਨੂੰ ਉੱਥੇ ਪਹੁੰਚਣ ਤੇ ਮਾਣ ਤੇ ਸਤਿਕਾਰ ਬਖਸ਼ਿਆ।

ਅਸੀਂ ਸਾਰੇ ਹੀ ਬਲਾਕ ਮੈਂਬਰਾਂ ਦਾ ਧੰਨਵਾਦ ਕਰਦੇ ਹਾਂ, ਜਿਨਾਂ ਨੇ ਹੱਕ ਤੇ ਸੱਚ ਦੀ ਲੜਾਈ ਵਿੱਚ ਆਪਣਾ ਭਰਵਾਂ ਯੋਗਦਾਨ ਪਾਇਆ। ਆਗੂਆਂ ਨੇ ਅੱਗੇ ਬੋਲਦਿਆ ਕਿਹਾ ਕਿ ਇਹ ਲੜਾਈ ਕਿਸੇ ਇੱਕ ਫਿਰਕੇ ਇੱਕ ਗਰੁੱਪ ਜਾਂ ਧੜੇ ਦੀ ਨਹੀਂ ਸੀ। ਇਹ ਲੜਾਈ ਸਰਕਾਰ ਦੇ ਖਿਲਾਫ ਸੀ, ਜੋ ਸਿਹਤ ਮੰਤਰੀ ਡਾਕਟਰ ਬਲਵੀਰ ਸਿੰਘ ਪੰਜਾਬ ਵੱਲੋਂ ਮੈਡੀਕਲ ਪ੍ਰੈਕਟੀਸ਼ਨਰਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਦੇ ਸੰਬੰਧ ਚ ਕੋਰਾ ਜਵਾਬ ਦਿੱਤਾ ਗਿਆ ਸੀ। ਉਸਦੇ ਸੰਬੰਧ ਚ ਇਹ ਰੈਲੀ ਰੱਖੀ ਗਈ ਸੀ,ਉਥੇ ਸਿਹਤ ਮੰਤਰੀ ਨੂੰ ਇਸ ਦਾ ਮੋੜਵਾਂ ਜਵਾਬ ਵੀ ਦਿੱਤਾ ਗਿਆ। ਅਸੀਂ ਅੱਜ ਵੀ ਸਪਸ਼ਟ ਕਰਦੇ ਹਾਂ ਕਿ ਜੋ ਵੀ ਲੋਕ ਪੰਜਾਬ ਪੱਖੀ ਫੈਸਲੇ ਹੋਣਗੇ ,ਲੱਖਾਂ ਦੀ ਰੋਜੀ ਰੋਟੀ ਬਚਾਉਣ ਲਈ ਜੋ ਵੀ ਧਿਰ ਹੰਬਲਾ ਮਾਰੇਗੀ, ਅਸੀਂ ਆਜ਼ਾਦ ਤੌਰ ਤੇ ਉਸ ਧਿਰ ਦਾ ਸਾਥ ਦੇਵਾਂਗੇ । ਸੋ ਜਿਸ ਤਰ੍ਹਾਂ ਪਟਿਆਲਾ ਮਹਾਂਰੈਲੀ ਵਿੱਚ ਲੋਕਾਂ ਦਾ ਠਾਠਾ ਮਾਰਦਾ ਇਕੱਠ ਉਮੜਿਆ ਉਸ ਤੋਂ ਸਾਫ ਪਤਾ ਲੱਗਦਾ ਹੈ ਕਿ ਸਭ ਲੋਕ ਇੱਕਜੁੱਟ ਹੋ ਕੇ ਲੜਨਾ ਚਾਹੁੰਦੇ ਹਨ । ਉਹਨਾਂ ਤੋਂ ਇਲਾਵਾ ਇਸ ਮੌਕੇ ਤੇ ਡਾ ਪ੍ਰੇਮ ਗਰਗ ਬਲਾਕ ਪ੍ਰਧਾਨ ਮਾਨਸਾ, ਡਾਕਟਰ ਜਗਸੀਰ ਸਿੰਘ ਭੈਣੀ, ਡਾਕਟਰ ਲਾਭ ਸਿੰਘ ਜੀ, ਡਾਕਟਰ ਮੰਗਲ ਸਿੰਘ, ਵੈਦ ਮਹੰਤ ਸਿਕੰਦਰਜੀਤ ਸਿੰਘ ਜੀ, ਡਾਕਟਰ ਸਤਿੰਦਰਪਾਲ, ਡਾਕਟਰ ਸੁਖਦਰਸ਼ਨ ਸਿੰਘ ਖਾਰਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮੈਂਬਰ ਮੌਜੂਦ ਸਨ।

## ਚੈਰੀਟੇਬਲ ਸੰਸਥਾ ਨੇ ਲੋਕ ਭਲਾਈ ਹਿੱਤ ਲਗਾਇਆ ਫ੍ਰੀ ਮੈਡੀਕਲ ਕੈਂਪ

ਸ੍ਰੀ ਮਾਛੀਵਾੜਾ ਸਾਹਿਬ-(ਲੋਕ ਬਾਣੀ) ਪਿਛਲੇ ਲੰਬੇ ਸਮੇਂ ਤੋਂ ਸਮਾਜ ਸੇਵੀ ਕਾਰਜਾਂ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਆ ਰਹੀ ਮਾਛੀਵਾੜਾ ਸਾਹਿਬ ਦੀ ਸਮਾਜ ਸੇਵੀ ਸੰਸਥਾ ਭੂਰੀ ਵਾਲੇ ਸੇਵਾ ਸੰਮਤੀ ਚੈਰੀਟੇਬਲ ਸੰਸਥਾ ਵੱਲੋਂ ਚੈਰੀਟੇਬਲ ਹਸਪਤਾਲ ਵਿੱਚ ਫ੍ਰੀ ਮੈਡੀਕਲ ਕੈਂਪ ਲਗਾਇਆ ਗਿਆ, ਜਿਸ ਵਿੱਚ ਅੱਖਾਂ ਅਤੇ ਦੰਦਾਂ ਦਾ ਚੈੱਕਅਪ, ਬਲੱਡ ਟੈਸਟ, ਖ਼ੂਨਦਾਨ ਕੈਂਪ ਵੀ ਲਗਾਇਆ ਗਿਆ ਜਿਸ ਵਿੱਚ ਲੋਕਾਂ ਨੇ ਭਾਰੀ ਉਤਸ਼ਾਹ ਦਿਖਾਉਦਿਆਂ ਵੱਡੀ ਗਿਣਤੀ ਵਿੱਚ ਪੁੱਜਕੇ ਲਾਭ ਉਠਾਇਆ। ਸੰਸਥਾ ਵੱਲੋਂ ਜ਼ਰੂਰਤਮੰਦ ਮਰੀਜ਼ਾਂ ਨੂੰ ਮੁਫ਼ਤ ਐਨਕਾਂ ਅਤੇ ਦਵਾਈਆਂ ਵੰਡੀਆਂ ਗਈਆਂ। ਕੈਂਪ ਦਾ ਉਦਘਾਟਨ ਸਰਵਹਿੱਤਕਾਰੀ ਸਭਾ ਦੇ ਪ੍ਰਧਾਨ ਅਸ਼ੋਕ ਸੂਦ ਨੇ ਆਪਣੇ ਕਰ। ਕਮਲਾਂ ਨਾਲ ਕਰਦਿਆਂ ਸੰਸਥਾ ਦੇ ਇਸ ਨੇਕ ਕਾਰਜ ਦੀ ਭਰਪੂਰ ਸ਼ਲਾਘਾ ਕੀਤੀ। ਉਹਨਾਂ ਸੰਸਥਾ ਵੱਲੋਂ ਤਿਆਰ ਕੀਤੇ ਗਏ ਸਵਰਗ ਬਿਰਧ ਆਸ਼ਰਮ ਵਿੱਚ ਪੁੱਜ ਕੇ ਆਸ਼ਰਮ ਵਿੱਚ ਰਹਿ ਰਹੇ ਬਜ਼ੁਰਗਾਂ ਦਾ ਹਾਲ ਚਾਲ ਜਾਣਿਆ ਅਤੇ ਹਰ ਸੰਭਵ



ਯਤਨ ਕਰਨ ਦਾ ਭਰੋਸਾ ਦਿੱਤਾ। ਸੰਸਥਾ ਵੱਲੋਂ ਮੈਡੀਕਲ ਕੈਂਪ ਦੇ ਨਾਲ ਖ਼ੂਨਦਾਨ ਕੈਂਪ ਦਾ ਵੀ ਆਯੋਜਨ ਕੀਤਾ ਗਿਆ ਜਿਸ ਵਿੱਚ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਪੁੱਜ ਕੇ ਖ਼ੂਨਦਾਨ ਕੀਤਾ।ਸੰਸਥਾ ਦੇ ਚੇਅਰਮੈਨ ਸਮਾਜ ਸੇਵੀ ਚਰਨਜੀਤ ਸਿੰਘ ਥੋਪੀਆਂ ਨੇ ਪੱਤਰਕਾਰਾਂ ਨਾਲ ਗੱਲ ਕਰਦੇ ਕਿਹਾ ਕਿ ਚੈਰੀਟੇਬਲ ਸੰਸਥਾ ਵੱਲੋ ਜਿਨ੍ਹਾਂ ਲੋੜਵੰਦ ਲੋਕਾਂ ਕੋਲ ਰਹਿਣ ਬਸੇਰਾ ਨਹੀਂ ਹੈ ਤਾਂ ਉਹ ਵੀ ਸੰਸਥਾ ਨਾਲ ਰਾਬਤਾ ਕਰ ਸਕਦੇ ਹਨ ਇਨਾ ਲੋੜਵੰਦਾ ਲਈ ਸੰਸਥਾਂ ਵੱਲੋ ਸਵਰਗ ਆਸ਼ਰਮ ਦੀ ਬਿਲਡਿੰਗ ਦੀ ਉਸਾਰੀ ਕਰਕੇ ਕਮਰੇ ਬਣਾਏ ਗਏ ਹਨ ਤਾਂ ਕਿ ਇਸ ਬਣੇ ਸਵਰਗ ਧਾਮ ਵਿੱਚ ਲੋੜਵੰਦ ਰਹਿ ਸਕਣ ।ਇਸ ਕੈਂਪ ਪ੍ਰੇਮ ਸਿੰਘ ਰਜ਼ੂਲ,ਮੌਕੇ ਕਾਂਗਰਸ ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ ਆੜ੍ਹਤੀ, ਰੇਨੂੰ ਬਾਲਾ, ਗੁਰਚਰਨ ਸਿੰਘ ਜੁਲਫਗੜ੍ਹ, ਰਾਜਦੀਪ ਅਲਬੇਲਾ,ਪਲਵਿੰਦਰ ਸਿੰਘ ਗੋਲਡੀ,ਲਕਸ਼ਮੀ ਨਰਾਇਣ, ਰਾਜੇਸ਼ ਕੁਮਾਰ ਪੀਏ, ਡਾਕਟਰ ਰਵਿੰਦਰ ਮੋਦਗਿਲ, ਹੈਪੀ ਸਮਰਾਲਾ, ਵਿਕਾਸ ਮਿੱਤਲ,ਸੋਹਨ ਲਾਲ,ਅਜੈ ਬਾਂਸਲ, ਵਿੱਕੀ ਕੁੰਦਰਾ, ਰਿੰਕੀ ਜੈਨ, ਮਾਸਟਰ ਸਤੀਸ਼ ਕੁਮਾਰ, ਅਸ਼ੋਕ ਮੈਣ, ਪ੍ਰਵੀਨ ਜੈਨ, ਸੁਰਿੰਦਰ ਲੋਟਾ, ਵਿਜੇ ਬਾਂਸਲ, ਸੁੱਚਾ ਬੰਗੜ, ਦੀਪਕ ਚਾਨਣਾ, ਸ਼ੰਮੀ ਗਿੱਲ, ਆਦਿ ਮੌਜੂਦ ਸਨ।

# ਸ਼ਿਵ ਸੈਨਾ ਅਤੇ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਨੇ ਜੇ.ਸੀ.ਟੀ ਮਿੱਲ ਮਜਦੂਰਾਂ ਨੂੰ ਇਨਸਾਫ ਦਿਵਾਉਣ ਲਈ ਕੀਤੀ ਮੀਟਿੰਗ

## ☛ ਐਫ.ਸੀ.ਆਈ. ਮਜ਼ਦੂਰ ਯੂਨੀਅਨ ਨੇ ਦਿੱਤੀ ਤਿੱਖੇ ਅੰਦੋਲਨ ਦੀ ਚਿਤਾਵਨੀ



ਫਗਵਾੜਾ (ਜੀਵਨ ਸੰਘਾ/ ਸੁਸ਼ੀਲ ਸ਼ਰਮਾ) ਸ਼ਿਵ ਸੈਨਾ (ਯੂਬੀਟੀ) ਅਤੇ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੀ ਸਾਂਝੀ ਮੀਟਿੰਗ ਸਥਾਨਕ ਰੈਸਟ ਹਾਊਸ ਵਿਖੇ ਜੇ.ਸੀ.ਟੀ ਮਿੱਲ ਕਾਮਿਆਂ ਨੂੰ ਇਨਸਾਫ ਦਿਵਾਉਣ ਲਈ ਹੋਈ। ਜਿਸ ਵਿੱਚ ਸ਼ਿਵ ਸੈਨਾ ਯੂ.ਬੀ.ਟੀ. ਦੇ ਸੂਬਾ ਪ੍ਰੈਸ ਸਕੱਤਰ ਕਮਲ ਸਰੋਜ, ਕਿਸਾਨ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਹਰਮਿੰਦਰ ਸਿੰਘ ਖਹਿਰਾ ਤੋਂ ਇਲਾਵਾ ਐਫ. ਸੀ.ਆਈ. ਲੇਬਰ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਭੂਸ਼ਨ ਯਾਦਵ ਅਤੇ ਸਮਾਜ ਸੇਵਿਕਾ ਤ੍ਰਿਪਤਾ ਸ਼ਰਮਾ ਸਾਬਕਾ ਕੌਂਸਲਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਬੁਲਾਰਿਆਂ ਨੇ ਕਿਹਾ ਕਿ ਮਿੱਲ ਮਾਲਕ ਸਮੀਰ ਥਾਪਰ ਵੱਲੋਂ ਜੇਸੀਟੀ ਮਿੱਲ ਕਾਮਿਆਂ ਦੇ ਸੰਘਰਸ਼ ਸਬੰਧੀ ਪਿਛਲੇ ਸਾਲ ਪ੍ਰਸ਼ਾਸਨ ਦੀ ਹਾਜ਼ਰੀ ਵਿੱਚ ਕੀਤੇ ਵਾਅਦੇ ਅਜੇ ਤੱਕ ਪੂਰੇ ਨਹੀਂ ਹੋਏ। ਜਦੋਂ ਵੀ ਮਜ਼ਦੂਰ ਵਰਗ ਆਪਣੀਆਂ ਮੰਗਾਂ ਲਈ ਸੰਘਰਸ਼ ਕਰਦਾ ਹੈ ਤਾਂ ਮਿੱਲ ਪ੍ਰਬੰਧਕਾਂ ਅਤੇ ਮਾਲਕਾਂ ਵੱਲੋਂ ਐਨ.ਓ.ਸੀ. ਦੇ ਨਾਂ 'ਤੇ ਝੂਠੇ ਭਰੋਸੇ ਦੇ ਕੇ ਟਾਲ-ਮਟੋਲ ਕੀਤੀ ਜਾਂਦੀ ਹੈ। ਪਰ ਇਸ ਵਾਰ ਮਿੱਲ ਮਾਲਕਾਂ ਦਾ ਕੋਈ ਬਹਾਨਾ ਨਹੀਂ ਚੱਲੇਗਾ ਤੇ ਅੰਤਿਮ ਇਨਸਾਫ਼ ਮਿਲਣ ਤੱਕ ਸੰਘਰਸ਼ ਜਾਰੀ ਰੱਖਿਆ ਜਾਵੇਗਾ। ਮੀਟਿੰਗ ਤੋਂ ਬਾਅਦ ਜਾਣਕਾਰੀ ਦਿੰਦਿਆਂ ਕਮਲ ਸਰੋਜ ਅਤੇ ਹਰਮਿੰਦਰ ਖਹਿਰਾ ਨੇ ਦੱਸਿਆ ਕਿ ਉਨ੍ਹਾਂ ਦੀਆਂ ਮੁੱਖ ਮੰਗਾਂ ਵਿੱਚ ਮਿੱਲ ਮਾਲਕਾਂ ਅਤੇ ਪ੍ਰਬੰਧਕਾਂ ਵਿਰੁੱਧ ਮਜ਼ਦੂਰਾਂ ਨਾਲ ਧੋਖਾਧੜੀ ਕਰਨ ਦੇ ਦੋਸ਼ ਹੇਠ ਕੇਸ ਦਰਜ ਕਰਕੇ ਗਿਰਫਤਾਰੀ, ਕੋਵਿਡ-19 ਦੌਰਾਨ ਕੰਮ ਛੱਡਣ ਵਾਲਿਆਂ ਜਾਂ ਮਿੱਲ ਦੇ ਕਈ ਵਿਭਾਗ ਬੰਦ ਹੋਣ ਕਰਕੇ ਬੇਰੋਜ਼ਗਾਰ ਜਾਂ ਸੇਵਾਮੁਕਤ ਹੋਏ ਮਜ਼ਦੂਰਾਂ ਨੂੰ ਗਰੈਚੁਟੀ, ਓਵਰਟਾਈਮ, ਬੋਨਸ, ਪੀ.ਐੱਫ. ਦੀ ਰਕਮ ਦਾ ਭੁਗਤਾਨ ਕਰਨਾ, ਮਿੱਲ ਦੀ ਸਹਿਕਾਰੀ ਸਭਾ ਵਿੱਚ ਮਜ਼ਦੂਰਾਂ ਵੱਲੋਂ ਜਮਾ ਕੀਤੇ ਪੈਸੇ ਦਾ ਭੁਗਤਾਨ, ਪ੍ਰੋਵੀਡੈਂਟ ਫੰਡ ਟਰੱਸਟ ਦੀ ਸਾਰੀ ਬਕਾਇਆ ਰਾਸ਼ੀ ਦਾ ਭੁਗਤਾਨ ਦੇ ਨਾਲ ਗੈਰ ਕਾਨੂੰਨੀ ਤੌਰ 'ਤੇ ਮਿੱਲ ਬੰਦ ਹੋਣ ਕਾਰਨ ਹੋਰ ਭੱਤਿਆਂ ਦਾ ਭੁਗਤਾਨ ਆਦਿ ਸ਼ਾਮਲ ਹਨ। ਇਸ ਦੌਰਾਨ ਤ੍ਰਿਪਤਾ ਸ਼ਰਮਾ ਨੇ ਕਿਹਾ ਕਿ ਉਹ ਇਨਸਾਫ਼ ਦੀ ਇਸ ਲੜਾਈ ਵਿੱਚ ਵਰਕਰਾਂ ਦਾ ਹਰ ਪੱਧਰ 'ਤੇ ਸਾਥ ਦੇਣਗੇ। ਜਦਕਿ ਐਫ. ਸੀ.ਆਈ. ਮਜ਼ਦੂਰ ਯੂਨੀਅਨ ਦੇ ਪੰਜਾਬ ਉਪ ਪ੍ਰਧਾਨ ਭੂਸ਼ਨ ਯਾਦਵ ਨੇ ਚਿਤਾਵਨੀ ਦਿੱਤੀ ਕਿ ਜੇਕਰ ਮਿੱਲ ਮਾਲਕਾਂ ਅਤੇ ਪ੍ਰਬੰਧਕਾਂ ਖ਼ਿਲਾਫ਼ ਤੁਰੰਤ ਐਫ.ਆਈ.ਆਰ. ਦਰਜ ਕਰਕੇ ਉਨ੍ਹਾਂ ਨੂੰ ਗ੍ਰਿਫ਼ਤਾਰ ਨਾ ਕੀਤਾ ਗਿਆ ਅਤੇ ਮਜ਼ਦੂਰਾਂ ਦੇ ਬਕਾਏ ਅਦਾ ਨਾ ਕੀਤੇ ਗਏ ਤਾਂ ਤਿੱਖਾ ਅੰਦੋਲਨ ਸ਼ੁਰੂ ਕੀਤਾ ਜਾਵੇਗਾ। ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਅਤੇ ਸਥਾਨਕ ਸਿਵਲ ਪ੍ਰਸ਼ਾਸਨ ਦੀ ਹੋਵੇਗੀ। ਇਸ ਮੌਕੇ ਜੇ.ਸੀ.ਟੀ ਮਿੱਲ ਦੇ ਪੀੜਤ ਮਜਦੂਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ

# ਫਗਵਾੜਾ ਪੁਲਿਸ ਵਲੋ ਸਪੈਸ਼ਲ ਚੈਕਿੰਗ ਦੌਰਾਨ ਇੱਕ ਨਸ਼ਾ ਤਸਕਰ ਕਾਬੂ



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਸ਼੍ਰੀਮਤੀ ਵਤਸਲਾ ਗੁਪਤਾ ਐਸ ਐਸ ਪੀ ਸਾਹਿਬ ਕਪੂਰਥਲਾ ਦੇ ਦਿਸ਼ਾ ਨਿਰਦੇਸਾਂ ਅਤੇ ਸ੍ਰੀਮਤੀ ਰੁਪਿੰਦਰ ਕੌਰ ਭੱਟੀ ਐਸ. ਪੀ ਫਗਵਾੜਾ, ਜਸਪ੍ਰੀਤ ਸਿੰਘ ਉਪ ਪੁਲਿਸ ਕਪਤਾਨ ਫਗਵਾੜਾ ਦੀ ਰਹਿਨੁਮਾਈ ਹੇਠ ਭੈੜੇ ਪੁਰਸ਼ਾ ਦੇ ਖਿਲਾਫ ਚਲਾਈ ਮੁਹਿੰਮ ਦੋਰਾਨ ਇੰਸਪੈਕਟਰ ਬਲਵਿੰਦਰ ਸਿੰਘ 508/ਜੇ.ਆਰ ਮੁੱਖ ਅਫਸਰ ਥਾਣਾ ਰਾਵਲਪਿੰਡੀ ਫਗਵਾੜਾ ਜੀ ਦੀਆ ਹਦਾਇਤਾਂ ਪਰ ♥9 ਗੁਰਵਿੰਦਰਪਾਲ 577/ਜਲੰ ਸਮੇਤ ਪੁਲਿਸ ਪਾਰਟੀ ਦੇ ਗਸ਼ਤ ਬਾ ਤਲਾਸ਼ ਭੈੜੇ ਪੁਰਸ਼ਾ ਦੇ ਸਬੰਧ ਰਾਵਲਪਿੰਡੀ ਤੋ ਪਾਸ਼ਟਾ ਨੂੰ ਜਾਦੀ ਸੜਕ ਪਰ ਪ੍ਰੇਮਪੁਰ ਮੋਜੂਦ ਸੀ। ਤਾ ਪਿੰਡ ਪ੍ਰੇਮਪੁਰ ਵੱਲੋ ਇੱਕ ਚਿੱਟੇ ਰੰਗ ਦੀ ਕਾਰ ਨੰਬਰੀ ਪੀ ਬੀ-07-ਬੀ ਬੀ-7622 ਮਾਰਕਾ ਆਈ-20 ਆਉਦੀ ਦਿਖਾਈ
ਦਿੱਤੀ ਜਿਸਨੂੰ ਪੁਲਿਸ ਪਾਰਟੀ ਵੱਲੋ ਟਾਰਚ ਦੀ ਰੋਸਨੀ ਨਾਲ ਰੁਕਣ ਦਾ ਇਸਾਰਾ ਕੀਤਾ ਜੋ ਕਾਰ ਡਰਾਇਵਰ ਵੱਲੋ ਯਕਦਮ ਘਬਰਾ ਕੇ ਪਿੱਛੇ ਹੀ ਬਰੇਕ ਮਾਰ ਕਾਰ ਬੈਕ ਕਰਕੇ ਭਜਾਉਣ ਲੱਗਾ ਤਾ ਜਿਸਨੂੰ ਐਸ ਆਈ ਗਰਵਿੰਦਰਪਾਲ ਵੱਲੋ ਸਾਥੀ ਕਰਮਾਚਰੀਆ ਦੀ ਮਦਦ ਨਾਲ ਕਾਬੂ ਕਰਕੇ ਨਾਮ ਪਤਾ ਪੁੱਛਿਆ ਤਾ ਜੋ ਕਾਰ ਡਰਾਈਵਰ ਨੇ ਆਪਣਾ ਨਾਮ ਹਰਪ੍ਰੀਤ ਸੰਧੂ ਪੁੱਤਰ ਕਸ਼ਮੀਰੀ ਲਾਲ ਵਾਸੀ ਮਹੇੜੂ ਥਾਣਾ ਸਤਨਾਮਪੁਰਾ ਦੱਸਿਆ ਅਤੇ ਡਰਾਇਵਰ ਵਾਲੀ ਨਾਲ ਦੀ ਸੀਟ ਪਰ ਬੈਠੇ ਨੋਜਵਾਨ ਨੇ ਆਪਣਾ ਨਾਮ ਗੋਰਬ ਉਰਫ ਗੋਰਾ ਪੁੱਤਰ ਅਮਰਜੀਤ ਸਿੰਘ ਵਾਸੀ ਸਾਸਤਰੀ ਨਗਰ ਫਗਵਾੜਾ ਗਲੀ ਨੰਬਰ 01 ਥਾਣਾ ਸਿਟੀ ਫਗਵਾੜਾ ਦੱਸਿਆ ਜੋ ਜਾਬਤੇ ਅਨੁਸਾਰ ਕਾਰ ਦੀ ਤਲਸੀ ਕਰਨ ਪਰ ਡੈਸਬੋਰਡ ਵਿੱਚੋ 05 ਗ੍ਰਾਮ ਹੈਰੋਇਨ ਤੇ ਕੁੱਲ 150 ਨਸੀਲੀਆ ਗੋਲੀਆ ਖੁਲੀਆ ਰੰਗ ਸੰਤਰੀ ਬਰਾਮਦ ਹੋਈਆ ਜਿਸ ਤੇ ਬਾਅਦ ਕਾਰਵਾਈ ਮੁਕੱਦਮਾ ਨੰਬਰ 56 ਮਿਤੀ 21.9.2024 ਅ/ਧ 21/22-61-85 ਐਨ ਡੀ ਪੀ ਐਸ ਐਕਟ ਦਰਜ ਰਜਿਸਟਰ ਕੀਤਾ ਗਿਆ

# ਨਗਰ ਨਿਗਮ ਸਫਾਈ ਕਰਮਚਾਰੀਆਂ ਵਲੋਂ ਛੇਵੇਂ ਦਿਨ ਵੀ ਧਰਨਾ ਜਾਰੀ ,





ਫਗਵਾੜਾ (ਜੀਵਨ ਸੰਘਾ/ ਸੁਸ਼ੀਲ ਸ਼ਰਮਾ) ਨਗਰ ਨਿਗਮ ਫਗਵਾੜਾ ਦੇ ਸਫਾਈ ਕਰਮਚਾਰੀਆਂ ਵੱਲੋਂ ਆਪਣੀਆਂ ਕਥਿਤ ਮੰਗਾਂ ਨੂੰ ਲੈ ਕੇ ਨਗਰ ਨਿਗਮ ਦਫ਼ਤਰ ਅੱਗੇ ਵੱਡੀ ਗਿਣਤੀ ਵਿੱਚ ਧਰਨਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਧਰਨੇ ਤੇ ਮੌਜੂਦ ਕੱਚੇ ਮੁਲਾਜ਼ਮਾਂ ਨੇ ਦੱਸਿਆ ਕਿ ਉਹਨਾਂ ਦੇ ਧਰਨੇ ਤਕਰੀਬਨ ਛੇ ਦਿਨ ਹੋ ਚੁੱਕੇ ਹਨ। ਪਰ ਹਜੇ ਤੱਕ ਉਹਨਾਂ ਦੀ ਮੰਗਾਂ ਨੂੰ ਨਾ ਮੰਨਿਆ ਗਿਆ ਹੈ ਤੇ ਨਾ ਹੀ ਉਹਨਾਂ ਦੇ ਮਸਲੇ ਦਾ ਕੋਈ ਹੱਲ ਕੀਤਾ ਜਾ ਰਿਹਾ ਹੈ । ਜਾਣਕਾਰੀ ਦਿੰਦਿਆਂ ਸਫ਼ਾਈ ਕਰਮਚਾਰੀ ਯੂਨੀਅਨ ਪ੍ਰਧਾਨ ਧਰਮਵੀਰ ਸੇਠੀ ਨੇ ਦੱਸਿਆ ਕਿ ਪੂਰੇ ਪੰਜਾਬ ਵਿੱਚ ਜਿੱਥੇ ਡੀ ਸੀ ਰੇਟਾਂ ਤੇ ਕੱਚੇ ਸਫ਼ਾਈ ਕਰਮਚਾਰੀਆਂ ਨੂੰ ਪੱਕਿਆਂ ਕੀਤਾ ਜਾ ਰਿਹਾ ਹੈ ਉੱਥੇ ਹੀ ਬਹੁਤ ਹੀ ਦੁੱਖ ਨਾਲ ਕਹਿਣਾ ਪੈ ਰਿਹਾ ਹੈ ਕਿ ਫਗਵਾੜਾ ਦੇ ਕੱਚੇ ਨਿਗਮ ਕਰਮਚਾਰੀਆਂ ਨੂੰ ਅਜੇ ਵੀ ਆਪਣੇ ਹੱਕਾਂ ਲਈ ਸੰਘਰਸ਼ ਕਰਨਾ ਪੈ ਰਿਹਾ ਹੈ। ਜਦਕਿ ਉਹਨਾਂ ਦੀਆਂ ਸਾਰੀਆਂ ਮੰਗਾਂ ਜਾਇਜ਼ ਹਨ। ਉਹਨਾਂ ਕਿਹਾ ਕਿ ਫਗਵਾੜਾ ਦੇ 134 ਕੱਚੇ ਮੁਲਾਜ਼ਮ ਹਨ ਜਿਨ੍ਹਾਂ ਵਿੱਚੋਂ ਸੀਵਰੇਜ ਕਰਮਚਾਰੀ, ਪਲੰਬਰ ਅਪਰੇਟਰ, ਅਤੇ ਹੋਰ ਸੰਬੰਧਿਤ ਕਰਮਚਾਰੀ ਹਨ। ਜਿਹਨਾ ਨੂੰ ਹਜੇ ਵੀ ਇੰਨੇ ਸੰਘਰਸ਼ਾਂ ਦੇ ਬਾਵਜੂਦ ਵੀ ਪੱਕਿਆ ਨਹੀਂ ਕੀਤਾ ਜਾ ਰਿਹਾ। ਜਦਕਿ ਗੁਰਾਇਆ ਵਰਗੇ ਛੋਟੇ ਖੇਤਰ ਵਿੱਚ ਵੀ ਕੱਚੇ ਸਫ਼ਾਈ ਮੁਲਾਜ਼ਮਾਂ ਨੂੰ ਡੀ ਸੀ ਰੇਟਾਂ ਤੇ ਕਰ ਦਿੱਤਾ ਗਿਆ ਹੈ।

ਪ੍ਰਧਾਨ ਨੇ ਇਹ ਵੀ ਕਿਹਾ ਕਿ ਲਗਾਤਾਰ ਛੇ ਦਿਨ ਤੋਂ ਧਰਨਾ ਜਾਰੀ ਹੈ, ਪਰ ਹਜੇ ਤੱਕ ਕੋਈ ਵੀ ਉਹਨਾਂ ਦੀ ਸਾਰ ਲੈਣ ਨਹੀਂ ਆਇਆ। ਉਹਨਾਂ ਕਿਹਾ ਕਿ ਅਫਸਰ ਵਿਭਾਗ ਵਲੋਂ ਮੁਲਾਕਾਤਾਂ ਦੇ ਬਾਵਜੂਦ ਪ੍ਰਸ਼ਾਸਨ ਵਲੋਂ ਉਹਨਾਂ ਨੂੰ ਨਾ ਕੋਈ ਵਿਸ਼ਵਾਸ ਦਿਵਾਇਆ ਜਾ ਰਿਹਾ ਹੈ ਅਤੇ ਨਾ ਹੀ ਕੋਈ ਮੀਟਿੰਗ ਤੈਅ ਕੀਤੀ ਗਈ ਹੈ। ਇਸ ਤੋਂ ਇਲਾਵਾ ਉਹਨਾਂ ਵਲੋਂ ਸਰਕਾਰ ਨੂੰ ਮੰਗ ਪੱਤਰ ਵੀ ਦਿੱਤਾ ਗਿਆ ਹੈ। ਉਹਨਾਂ ਪ੍ਰਸ਼ਾਸਨ ਅਤੇ ਸਰਕਾਰ ਨੂੰ ਚੇਤਾਵਨੀ ਦਿੱਤੀ ਹੈ ਕਿ ਜੇਕਰ ਉਹਨਾਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਜਾਂ ਉਹਨਾਂ ਦੇ ਮਸਲੇ ਦਾ ਕੋਈ ਹੱਲ ਨਾ ਕੀਤਾ ਗਿਆ ਤਾਂ ਵੀਰਵਾਰ ਨੂੰ ਵੱਡੀ ਗਿਣਤੀ ਵਿੱਚ ਰੋਸ ਮੁਜ਼ਾਹਰੇ ਕੀਤੇ ਜਾਣਗੇ, ਗੱਡੀਆਂ ਜਾਮ ਕਰਕੇ ਕੂੜਾ ਸੜਕਾਂ ਤੇ ਖਿਲੇਰਿਆਂ ਜਾਵੇਗਾ। ਇਸ ਉਪਰੰਤ ਮੌਜੂਦ ਧਰਨ ਪ੍ਰਦਰਸ਼ਨਕਾਰੀਆਂ ਵਲੋਂ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਧਰਨੇ ਤੇ ਮੌਜੂਦ ਸਫ਼ਾਈ ਕਰਮਚਾਰੀਆਂ ਵਿਚ ਪ੍ਰਧਾਨ ਧਰਮਵੀਰ ਸੇਠੀ , ਸਤਪਾਲ ਮੱਟੂ, ਪ੍ਰਿੰਸ ਘਈ, ਸ਼ੁਭਮ ,ਪਵਨ, ਪਰਦੀਪ, ਧੀਰੂ, ਵਿੱਕੀ, ਵਿਪਨ, ਯਸ਼ ਅਤੇ ਹੋਰ ਮੌਜੂਦ ਸਨ

# ਐਮਰਜੈਂਸੀ ਫਿਲਮ ਦਾ ਸ਼ਿਵਸੈਨਾ ਸਟਾਰ ਫੋਰਸ ਸਮਰਥਨ ਕਰਦੀ ਹੈ-ਰਾਜ ਕੁਮਾਰ ਅਰੋੜਾ



ਜਲੰਧਰ (ਲੋਕ ਬਾਣੀ) ਮੈਂਬਰ ਪਾਰਲੀਮੈਂਟ ਕੰਗਨਾ ਰਣੌਤ ਦੀ ਫਿਲਮ ਐਮਰਜੈਂਸੀ ਦਾ ਸ਼ਿਵਸੈਨਾ ਸਟਾਰ ਫੋਰਸ ਪੂਰੀ ਤਰ੍ਹਾਂ ਨਾਲ ਸਮਰਥਨ ਕਰਦੀ ਹੈ ਕਿਉਂਕਿ ਇਹ ਫਿਲਮ ਅੱਤਵਾਦ ਦੇ ਸਮੇਂ ਹੋਏ ਬੇਦੋਸ਼ਿਆਂ ਦੇ ਕਤਲੇਆਮ ਦੀ ਹਕੀਕਤ ਦਰਸਾਉਂਦੀ ਹੈ। ਇਹ ਸ਼ਬਦ ਸ਼ਿਵਸੈਨਾ ਸਟਾਰ ਫੋਰਸ ਦੇ ਪੰਜਾਬ ਚੇਅਰਮੈਨ ਰਾਜ ਕੁਮਾਰ ਅਰੋੜਾ ਨੇ ਮੀਡੀਆ ਨਾਲ ਵਿਸ਼ੇਸ਼ ਤੌਰ ਤੇ ਗੱਲਬਾਤ ਕਰਦਿਆਂ ਕਹੇ ।

ਉਨ੍ਹਾਂ ਕਿਹਾ ਕਿ ਇਸ ਕਤਲੇਆਮ ਵਿੱਚ ਅੱਤਵਾਦੀਆਂ ਵਲੋਂ ਆਪਣੀ ਦਹਿਸ਼ਤ ਦਾ ਮਾਹੌਲ ਬਨਾਉਣ ਲਈ ਹਿੰਦੂਆਂ ਨੂੰ ਘਰਾਂ ਵਿੱਚੋਂ ਬਾਹਰ ਕੱਢ ਕੇ ਕਤਲ ਕੀਤੇ ਗਏ, ਬੱਸਾਂ ਵਿੱਚੋ ਉਤਾਰ-ਉਤਾਰ ਕੇ ਗੋਲੀਆਂ ਮਾਰੀਆਂ ਗਈਆਂ। ਇੱਕ ਅੰਕੜੇ ਅਨੁਸਾਰ ਕਰੀਬ 38000 ਹਿੰਦੂਆਂ ਦਾ ਕਤਲ ਹੋਇਆ ਸੀ। ਇਸ ਕਰਕੇ ਅੱਜ ਦੇ ਨੌਜਵਾਨ ਵਰਗ ਨੂੰ ਤਾਂ ਇਹ ਫਿਲਮ ਜ਼ਰੂਰ ਦੇਖਣੀ ਚਾਹੀਦੀ ਹੈ। ਇਸ ਮੌਕੇ ਰਾਜ ਕੁਮਾਰ ਅਰੋੜਾ ਨੇ ਮੌਜੂਦਾ ਅਮਨ ਕਾਨੂੰਨ ਦੀ ਸਥਿਤੀ ਤੇ ਟਿੱਪਣੀ ਕਰਦਿਆਂ ਕਿਹਾ ਕਿ ਇਸ ਸਮੇਂ ਪੰਜਾਬ ਦਾ ਮਾਹੌਲ ਗੈਂਗਸਟਰਾਂ ਅਤੇ ਦੇਸ਼ ਵਿਰੋਧੀ ਤਾਕਤਾਂ ਵਲੋਂ ਰੋਜ਼ਾਨਾ ਹੀ ਖਰਾਬ ਕੀਤਾ ਜਾ ਰਿਹਾ ਹੈ । ਰੋਜ਼ਾਨਾ ਹੀ ਕਿਧਰੇ ਨਾ ਕਿਧਰੇ ਹਿੰਦੂਆਂ ਤੇ ਹਮਲੇ ਕਰਕੇ ਸ਼ਰੇਆਮ ਕਿਰਪਾਨਾਂ ਨਾਲ ਵੱਢਿਆ ਜਾ ਰਿਹਾ ਹੈ ਜਾਂ ਫਿਰ ਗੋਲੀਆਂ ਮਾਰਕੇ ਕਤਲ ਕੀਤੇ ਜਾ ਰਹੇ ਹਨ, ਜੋ ਕਿ ਬਹੁਤ ਹੀ ਗੰਭੀਰ ਚਿੰਤਾ ਦਾ ਵਿਸ਼ਾ ਹੈ। ਜਿਸ ਨੂੰ ਸ਼ਿਵਸੈਨਾ ਸਟਾਰ ਫੋਰਸ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ। ਇਸ ਤੋਂ ਪਹਿਲਾਂ ਕਿ ਅਸੀਂ ਸੜਕਾਂ ਤੇ ਉਤਰੀਏ ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਨੂੰ ਚਾਹੀਦਾ ਹੈ ਕਿ ਦੇਸ਼ ਦੀਆਂ ਵਿਰੋਧੀ ਤਾਕਤਾਂ ਦੇ ਖਿਲਾਫ਼ ਸਖ਼ਤ ਕਦਮ ਚੁੱਕੇ ਜਾਣ ਅਤੇ ਪੰਜਾਬ ਦੇ ਮਹੌਲ ਨੂੰ ਸ਼ਾਂਤਮਈ ਬਣਾ ਕੇ ਰੱਖਿਆ ਜਾ ਸਕੇ ਅਤੇ ਲੋਕ ਆਪਣਾ ਜੀਵਨ ਵਧੀਆ ਢੰਗ ਨਾਲ ਮਿਲਜੁਲ ਕੇ ਜੀਅ ਸਕਣ । ਇਸ ਮੌਕੇ ਸ੍ਰੀ ਅਰੋੜਾ ਦੇ ਨਾਲ-ਨਾਲ ਸੀਨੀਅਰ ਮੀਤ ਪ੍ਰਧਾਨ ਸਰਬਣ ਰਾਜਾ, ਮੀਡੀਆ ਇੰਚਾਰਜ ਸੁਮੀਤ ਕੁਮਾਰ, ਗੁਰਪ੍ਰੀਤ ਸਿੰਘ, ਹਰੀਸ਼ ਕੁਮਾਰ, ਅਰੋਹੀ ਨਾਹਰ, ਨੀਤਿਕਾ, ਤਾਨੀਆ, ਸਿੰਮੀ, ਜੋਤੀ ਧਾਲੀਵਾਲ ਆਦਿ ਨੇ ਵੀ ਸਾਰਿਆਂ ਨੂੰ ਪੁਰਜ਼ੋਰ ਸ਼ਬਦਾਂ ਵਿੱਚ ਅਪੀਲ ਕੀਤੀ ਕਿ ਅਭਿਨੇਤਰੀ ਕੰਗਨਾ ਰਣੌਤ ਦੀ ਇਸ ਫਿਲਮ ਐਮਰਜੈਂਸੀ ਨੂੰ ਜ਼ਰੂਰ ਆਪ ਵੀ ਦੇਖੋ ਤੇ ਆਪਣੇ ਬੱਚਿਆਂ ਨੂੰ ਵੀ ਜ਼ਰੂਰ ਦਿਖਾਓ ਤਾਂ ਜੋ ਉਨ੍ਹਾਂ ਨੂੰ ਵੀ ਪਤਾ ਲੱਗ ਸਕੇ ਕਿ ਸਾਡੇ ਹਿੰਦੂ ਸਮਾਜ ਨੇ ਐਮਰਜੈਂਸੀ ਦੇ ਸਮੇਂ ਕਿਹੋ ਜਿਹਾ ਸੰਤਾਪ ਹੰਢਾਇਆ ਹੈ ।

# ਹਰਜੋਤ ਬੈਂਸ, ਸਿੱਖਿਆ, ਉੱਚ ਸਿੱਖਿਆ, ਤਕਨੀਕੀ ਸਿੱਖਿਆ ਦੇ ਨਾਲ ਸੂਚਨਾ ਅਤੇ ਲੋਕ ਸੰਪਰਕ ਵਿਭਾਗ ਦੇ ਮੰਤਰੀ ਬਣੇ



ਸ੍ਰੀ ਅਨੰਦਪੁਰ ਸਾਹਿਬ (ਦਵਿੰਦਰਪਾਲ ਸਿੰਘ) ਸ.ਹਰਜੋਤ ਸਿੰਘ ਬੈਂਸ ਨੂੰ ਪੰਜਾਬ ਸਰਕਾਰ ਵਿੱਚ ਸਕੂਲ ਸਿੱਖਿਆ, ਉੱਚ ਸਿੱਖਿਆ, ਤਕਨੀਕੀ ਸਿੱਖਿਆ, ਉਦਯੋਗਿਕ ਸਿਖਲਾਈ ਦੇ ਨਾਲ ਸੂਚਨਾ ਤੇ ਲੋਕ ਸੰਪਰਕ ਵਿਭਾਗ ਦਾ ਜਿੰਮੇਵਾਰੀ ਮਿਲ ਗਈ ਹੈ। ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਿੱਚ ਹੁਣ ਉਹ ਇਨ੍ਹਾਂ ਅਹਿਮ ਅਹੁਦਿਆਂ ਦੀ ਜਿੰਮੇਵਾਰੀ ਸੰਭਾਲਣਗੇ।

ਅੱਜ ਮੰਤਰੀ ਮੰਡਲ ਫੇਰਬਦਲ ਉਪਰੰਤ ਪੰਜਾਬ ਸਰਕਾਰ ਵਿੱਚ ਵਿਭਾਗਾ ਦੀ ਵੰਡ ਮੌਕੇ ਸ.ਹਰਜੋਤ ਸਿੰਘ ਬੈਂਸ ਨੂੰ ਸੂਬੇ ਦੇ ਅਹਿਮ ਅਹੁਦਿਆਂ ਦੇ ਨਾਲ ਨਾਲ ਸੂਚਨਾ ਤੇ ਲੋਕ ਸੰਪਰਕ ਵਿਭਾਗ ਦੀ ਜਿੰਮੇਵਾਰੀ ਮਿਲਣ ਨਾਲ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਉਨ੍ਹਾਂ ਦੇ ਸਮਰਥਕਾਂ ਤੇ ਮੀਡੀਆ ਮੈਂਬਰਾਂ ਵੱਲੋਂ ਲਗਾਤਾਰ ਵਧਾਈਆਂ ਤੇ ਮੁਬਾਰਕਾਂ ਦੀਆਂ ਘੰਟੀਆ ਵੱਜਣੀਆਂ ਜਾਰੀ ਹਨ। ਸ੍ਰੀ ਅਨੰਦਪੁਰ ਸਾਹਿਬ ਹਲਕੇ ਵਿੱਚ ਉਨ੍ਹਾਂ ਦੀ ਇਸ ਪ੍ਰਗਤੀ ਦੀ ਚਰਚਾ ਹੈ। ਸ.ਹਰਜੋਤ ਬੈਂਸ ਦੇ ਮੀਡੀਆ ਕੁਆਰਡੀਨੇਟਰ ਦੀਪਕ ਸੋਨੀ ਦੱਸਿਆ ਕਿ ਉਨ੍ਹਾਂ ਨੂੰ ਨੰਗਲ, ਸ੍ਰੀ ਅਨੰਦਪੁਰ ਸਾਹਿਬ, ਕੀਰਤਪੁਰ ਸਾਹਿਬ ਤੋ ਇਲਾਵਾ ਜਿਲ੍ਹਾ ਅਤੇ ਹੋਰ ਖੇਤਰਾਂ ਵਿੱਚੋਂ ਵਧਾਈਆਂ ਦੇ ਫੋਨ ਆ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਸ.ਬੈਂਸ ਪਹਿਲਾ ਹੀ ਬਹੁਤ ਅਣਥੱਕ ਮਿਹਨਤੀ ਇਮਾਨਦਾਰ ਤੇ ਲਗਨ ਨਾਲ ਕੰਮ ਕਰ ਰਹੇ ਹਨ। ਇਹ ਮਹੱਤਵਪੂਰਨ ਅਹੁਦਾ ਉਨ੍ਹਾਂ ਦੀ ਮਿਹਨਤ ਦੇ ਕਾਰਨ ਮਿਲਿਆ ਹੈ। ਅੱਜ ਇਲਾਕੇ ਦੇ ਆਗੂਆਂ ਡਾ.ਸੰਜੀਵ ਗੌਤਮ ਮੈਂਬਰ ਮੈਡੀਕਲ ਕੌਂਸਲ, ਹਰਮਿੰਦਰ ਸਿੰਘ ਢਾਹੇ ਚੇਅਰਮੈਨ ਜਿਲ੍ਹਾਂ ਯੋਜਨਾ ਕਮੇਟੀ, ਹਰਜੀਤ ਸਿੰਘ ਜੀਤਾ ਪ੍ਰਧਾਂਨ ਨਗਰ ਕੌਸਲ, ਕਮਿੱਕਰ ਸਿੰਘ ਡਾਢੀ ਚੇਅਰਮੈਨ, ਰੋਹਿਤ ਕਾਲੀਆ, ਤਰਲੋਚਨ ਸਿੰਘ ਲੋਚੀ ਪ੍ਰਧਾਨ ਟਰੱਕ ਯੂਨੀਅਨ ਸਮੇਤ ਵੱਡੀ ਗਿਣਤੀ ਆਗੂਆਂ ਨੇ ਸ.ਬੈਂਸ ਨੂੰ ਇਸ ਮਹੱਤਵਪੂਰਨ ਤਰੱਕੀ ਲਈ ਵਧਾਈ ਦਿੱਤੀ ਹੈ। ਇਲਾਕੇ ਦੀਆਂ ਵੱਖ ਵੱਖ ਪ੍ਰੈਸ ਅਤੇ ਮੀਡੀਆ ਨਾਲ ਜੁੜੀਆਂ ਜਥੇਬੰਦੀਆਂ ਨੇ ਸ.ਬੈਂਸ ਨੂੰ ਵਧਾਈ ਦਿੱਤੀ ਹੈ ਤੇ ਆਸ ਪ੍ਰਗਟ ਕੀਤੀ ਹੈ ਕਿ ਉਨ੍ਹਾਂ ਦੇ ਮਸਲੇ ਹੁਣ ਜਲਦੀ ਹੱਲ ਹੋਣਗੇ। ਇਸ ਮੌਕੇ ਸਤੀਸ਼ ਚੋਪੜਾ, ਚੇਅਰਮੈਨ ਰਾਕੇਸ਼ ਮਹਿਲਵਾ, ਜਸਪਾਲ ਸਿੰਘ ਢਾਹੇ, ਪੱਪੂ ਢਿੱਲੋਂ, ਓਕਾਂਰ ਸਿੰਘ, ਸਰਬਜੀਤ ਸਿੰਘ ਭਟੋਲੀ, ਜਸਪ੍ਰੀਤ ਸਿੰਘ ਜੇ.ਪੀ, ਰਾਜਪਾਲ ਮੋਹੀਵਾਲ, ਕੈਪਟਨ ਗੁਰਨਾਮ ਸਿੰਘ, ਜੁਝਾਰ ਸਿੰਘ ਆਸਪੁਰ, ਸੋਹਣ ਸਿੰਘ ਨਿੱਕੂਵਾਲ, ਜਸਵੀਰ ਰਾਣਾ, ਊਸ਼ਾ ਰਾਣੀ, ਕਮਲੇਸ਼ ਨੱਡਾ, ਹਰਵਿੰਦਰ ਕੌਰ, ਸੁਨੀਤਾ, ਪਿੰਕੀ ਸ਼ਰਮਾ, ਜਸਵਿੰਦਰ ਭੰਗਲ, ਰੋਕੀ ਸੁਖਸਾਲ, ਰਾਕੇਸ਼ ਭੱਲੜੀ, ਵੇਦ ਪ੍ਰਕਾਸ਼, ਦੀਪਕ ਅਬਰੋਲ, ਬਲਵੰਤ ਮੰਡੇਰ ਆਦਿ ਨੇ ਵੀ ਕੈਬਨਿਟ ਮੰਤਰੀ ਨੂੰ ਅਹੁਦੇ ਸੰਭਾਲਣ ਤੇ ਵਧਾਈ ਦਿੱਤੀ ਹੈ।

ਰੋਜ਼ਾਨਾ ਲੋਕ ਬਾਣੀ www.lokbani

## ਐਨ.ਡੀ.ਪੀ.ਐਕਟ ਤਹਿਤ ਇੱਕ ਔਰਤ ਤੇ ਥਾਣਾ ਸਦਰ ਫਗਵਾੜਾ ਵਿਖੇ ਪਰਚਾ ਦਰਜ



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਐਸ.ਐਸ.ਪੀ ਵਤਸਲਾ ਗੁਪਤਾ ਕਪੂਰਥਲਾ ਦੇ ਦਿਸ਼ਾ ਨਿਰਦੇਸ਼ਾ ਤਹਿਤ ਮਾੜੇ ਅਨਸਰ ਅਤੇ ਨਸ਼ੇ ਖਿਲਾਫ ਚਲ ਰਹੀ ਸਪੈਸ਼ਲ ਮੁਹਿਮ ਤਹਿਤ ਕਪੂਰਥਲਾ ਪੁਲਿਸ ਦੀ ਟੀਮ ਸ੍ਰੀਮਤੀ ਰੁਪਿੰਦਰ ਕੌਰ ਭੱਟੀ ਪੁਲਿਸ ਕਪਤਾਨ ਫਗਵਾੜਾ,ਸ੍ਰੀ ਜਸਪ੍ਰੀਤ ਸਿੰਘ ਉਪ ਪੁਲਿਸ ਕਪਤਾਨ ਸਬ ਡਵੀਜਨ ਫਗਵਾੜਾ ਦੀ ਨਿਗਰਾਨੀ ਹੇਠ SI ਬਿਸਮਨ ਸਿੰਘ ਸਾਹੀ ਇੰਚਾਰਜ ਸੀ.ਆਈ.ਏ ਸਟਾਫ ਫਗਵਾੜਾ ਦੀ ਯੋਗ ਅਗਵਾਈ ਹੇਠ ਏ.ਐਸ.ਆਈ ਪ੍ਰਗਟ ਸਿੰਘ ਦੀ ਪੁਲਿਸ ਪਾਰਟੀ ਨੇ ਗਸ਼ਤ ਦੇ ਦੌਰਾਨ ਬਸਰਾ ਮੁਖਬਰ ਖਾਸ ਦੀ ਇਤਲਾਹ ਅਤੇ ਟੈਕਨੀਨਲ ਇਨਪੁਟ ਦੇ ਆਧਾਰ ਪਰ ਅਮਰ ਨਗਰ ਫਗਵਾੜਾ ਵਿਖੇ ਇੱਕ ਐਕਟਿਵਾ ਸਵਾਰ ਔਰਤ ਜਿਸਦਾ ਨਾਮ ਅਮਰਜੀਤ ਕੌਰ ਪਤਨੀ ਸਤਪਾਲ ਵਾਸੀ ਗੋਹਾਵਰ ਥਾਣਾ ਗੁਰਾਇਆ ਜ਼ਿਲ੍ਹਾ ਜਲੰਧਰ ਦਿਹਾਤੀ ਹਾਲ ਵਾਸੀ ਅਮਰ ਨਗਰ ਫਗਵਾੜਾ ਜ਼ਿਲ੍ਹਾ ਕਪੂਰਥਲਾ ਨੂੰ ਕਾਬੂ ਕਰਕੇ ਉਸ ਪਾਸੋ 30 ਗਰਾਮ ਹੈਰੋਇੰਨ ਬਰਾਮਦ ਕੀਤੀ ਗਈ ਦੋਸ਼ੀ ਖਿਲਾਫ ਮੁਕੱਦਮਾ ਨੰਬਰ 91 ਮਿਤੀ 21-09-2024 ਅ/ਧ 21- 61-85 ਐਨ.ਡੀ.ਪੀ.ਐਸ ਐਕਟ ਥਾਣਾ ਸਦਰ ਫਗਵਾੜਾ ਜਿਲਾ ਕਪੂਰਥਲਾ ਵਿਖੇ ਦਰਜ ਰਜਿਸਟਰ ਕੀਤਾ ਗਿਆ ਜਿਸ ਪਾਸੋ ਮੁਕੱਦਮਾ ਸਬੰਧੀ ਹੋਰ ਵੀ ਡੂੰਘਾਈ ਨਾਲ ਪੁੱਛਗਿੱਛ ਚੱਲ ਰਹੀ ਹੈ। ਦੋਸ਼ਣ 01 ਦਿਨ ਪੁਲਿਸ ਰਿਮਾਡ ਪਰ ਹੈ ਅਤੇ ਰਿਮਾਡ ਦੌਰਾਨ ਇਸ ਪਾਸੋ ਹੋਰ ਵੀ ਆਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ

ਰੋਜ਼ਾਨਾ ਲੋਕ ਬਾਣੀ www.lokbani

## ਫਗਵਾੜਾ ਵਿਖੇ ਨਸ਼ਾ ਵੇਚਣ ਵਾਲੇ 2 ਸਮੱਗਲਰ 195 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ




ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਐਸ.ਐਸ.ਪੀ ਵਤਸਲਾ ਗੁਪਤਾ ਕਪੂਰਥਲਾ ਦੇ ਦਿਸ਼ਾ ਨਿਰਦੇਸ਼ਾ ਤਹਿਤ ਮਾੜੇ ਅਨਸਰ ਅਤੇ ਨਸ਼ੇ ਖਿਲਾਫ ਚਲ ਰਹੀ ਸਪੈਸ਼ਲ ਮੁਹਿਮ ਤਹਿਤ ਕਪੂਰਥਲਾ ਪੁਲਿਸ ਦੀ ਟੀਮ ਸ੍ਰੀਮਤੀ ਰੁਪਿੰਦਰ ਕੌਰ ਭੱਟੀ ਪੁਲਿਸ ਕਪਤਾਨ ਫਗਵਾੜਾ ਜਸਪ੍ਰੀਤ ਸਿੰਘ ਉਪ ਪੁਲਿਸ ਕਪਤਾਨ ਸਬ ਡਵੀਜਨ ਫਗਵਾੜਾ ਦੀ ਨਿਗਰਾਨੀ ਹੇਠ ♥9 ਬਿਸਮਨ ਸਿੰਘ ਸਾਹੀ ਇੰਚਾਰਜ ਸੀ.ਆਈ.ਏ ਸਟਾਫ ਫਗਵਾੜਾ ਦੀ ਯੋਗ ਅਗਵਾਈ ਹੇਠ ਏ.ਐਸ.ਆਈ ਪ੍ਰਗਟ ਸਿੰਘ ਦੀ ਪੁਲਿਸ ਪਾਰਟੀ ਨੇ ਗਸ਼ਤ ਦੇ ਦੌਰਾਨ ਬਸਰਾ ਮੁਖਬਰ ਖਾਸ ਦੀ ਇਤਲਾਹ ਅਤੇ ਟੈਕਨੀਨਲ ਇਨਪੁਟ ਦੇ ਆਧਾਰ ਪਰ ਦੋਸਾਂਝਾਂ ਗੇਟ ਪਰ ਨਾਕਾਬੰਦੀ ਦੋਰਾਨ 02 ਪੈਦਲ ਆਉਦੇ ਨੌਜਵਾਨਾ ਪਵਨ ਕੁਮਾਰ ਉਰਫ ਪੰਮਾ ਪੁੱਤਰ ਬਿੱਲਾ ਕਲਿਆਣ ਵਾਸੀ ਛੱਜ ਕਲੋਨੀ ਫਗਵਾੜਾ ਜ਼ਿਲ੍ਹਾ ਕਪੂਰਥਲਾ ਅਤੇ ਗੁਰਪਿੰਦਰ ਸਿੰਘ ਉਰਫ ਭੋਲੂ ਪੁੱਤਰ ਬਲਜਿੰਦਰ ਸਿੰਘ ਵਾਸੀ ਰਤਨਪੁਰਾ ਗਲੀ ਨੰਬਰ 03 ਥਾਣਾ ਸਿਟੀ ਫਗਵਾੜਾ ਜ਼ਿਲ੍ਹਾ ਕਪੂਰਥਲਾ ਨੂੰ ਕਾਬੂ ਕਰਕੇ ਉਹਨਾ ਪਾਸੋ 195 ਨਸ਼ੀਲੀਆ ਗੋਲੀਆ ਬਰਾਮਦ ਕੀਤੀਆ ਗਈਆ ਜਿਨਾਂ ਖਿਲਾਫ ਮੁਕੱਦਮਾ ਨੰਬਰ 210 ਮਿਤੀ 20-09-2024 ਅ/ਧ 22-61-85 ਐਨ ਡੀ ਪੀ ਸੀ ਐਕਟ ਥਾਣਾ ਸਿਟੀ ਫਗਵਾੜਾ ਜ਼ਿਲ੍ਹਾ ਕਪੂਰਥਲਾ ਵਿਖੇ ਦਰਜ ਰਜਿਸਟਰ ਕੀਤਾ ਗਿਆ ਜਿਨਾਂ ਪਾਸੋ ਮੁਕੱਦਮਾ ਸਬੰਧੀ ਹੋਰ ਵੀ ਡੂੰਘਾਈ ਨਾਲ ਪੁੱਛਗਿੱਛ ਚੱਲ ਰਹੀ ਹੈ ਦੋਸ਼ੀ 02 ਦਿਨਾਂ ਪੁਲਿਸ ਰਿਮਾਡ ਪਰ ਹਨ ਅਤੇ ਰਿਮਾਡ ਦੌਰਾਨ ਇਨਾਂ ਪਾਸੋ ਹੋਰ ਵੀ ਆਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ

ਰੋਜ਼ਾਨਾ ਲੋਕ ਬਾਣੀ www.lokbani

## ਗੜ੍ਹਪਧਾਣਾ ਗੁਰਮਤਿ ਸਮਾਗਮ ਦੌਰਾਨ ਅੱਜ ਗਿਆਨੀ ਸੁਖਦੇਵ ਸਿੰਘ ਡੱਲਾ ਬਾਉਲੀ ਸਾਹਿਬ ਵਾਲੇ ਭਰਨਗੇ ਕਥਾ ਦੀ ਹਾਜਰੀ




ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ/ ਮਨਪ੍ਰੀਤ ਵਾਸੂ)ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਨਵਾਂਸ਼ਹਿਰ ਵਲੋਂ ਮਹਾਨ ਕੀਰਤਨ ਦਰਬਾਰ ਨੂੰ ਸਮਰਪਿਤ ਵਿਸ਼ੇਸ਼ ਗੁਰਮਤਿ ਸਮਾਗਮਾਂ ਦੀ ਲੜੀ ਦਾ ਨੌਵਾਂ ਸਮਾਗਮ ਅੱਜ (ਮਿਤੀ 24-09-2024 ਦਿਨ ਮੰਗਲਵਾਰ) ਨੂੰ ਗੁਰਦੁਆਰਾ ਠੇਰੀ ਸਾਹਿਬ ਗੜ੍ਹਪਧਾਣਾ ਵਿਖੇ ਸ਼ਾਮ 06:00 ਤੋਂ ਰਾਤ 09:00 ਵਜੇ ਤੱਕ ਕਰਵਾਇਆ ਜਾ ਰਿਹਾ ਹੈ ।ਇਹ ਜਾਣਕਾਰੀ ਸਾਂਝੀ ਕਰਦੇ ਹੋਏ ਗੁਰਦੁਆਰਾ ਸਾਹਿਬ ਦੇ ਮੁੱਖ ਪ੍ਰਬੰਧਕ ਬਾਬਾ ਠਾਕੁਰ ਸਿੰਘ ਨੇ ਦੱਸਿਆ ਕਿ ਇਹ ਸਮਾਗਮ ਗੁਰਦੁਆਰਾ ਸਾਹਿਬ ਦੇ ਬਾਹਰ ਖੁੱਲੇ ਪੰਡਾਲ ਵਿਚ ਕਰਵਾਏ ਜਾਣਗੇ ਜਿਸ ਦੀ ਅਰੰਭਤਾ ਸ੍ਰੀ ਰਹਿਰਾਸ ਸਾਹਿਬ ਜੀ ਦੇ ਪਾਠ ਨਾਲ ਹੋਵੇਗੀ । ਇਸ ਉਪਰੰਤ ਦਰਬਾਰ ਸਾਹਿਬ ਦੇ ਸਾਬਕਾ ਹਜ਼ੂਰੀ ਰਾਗੀ ਭਾਈ ਸਤਨਾਮ ਸਿੰਘ ਗੁਰਦਾਸਪੁਰ ਵਾਲੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕਰਨਗੇ। ਉਨਾ ਤੋਂ ਬਾਅਦ ਪੰਥ ਪ੍ਰਸਿੱਧ ਵਿਦਵਾਨ ਅਤੇ ਕਥਾਵਾਚਕ ਗਿਆਨੀ ਸੁਖਦੇਵ ਸਿੰਘ ਡੱਲਾ ਬਾਉਲੀ ਵਾਲੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਣਗੇ। ਓਨਾਂ ਦੱਸਿਆ ਕਿ ਸਮਾਗਮ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਉਨਾ ਨੇ ਸੰਗਤਾਂ ਨੂੰ ਸਮਾਗਮ ਵਿਚ ਵੱਧ ਚੜ ਕੇ ਹਾਜਰੀਆਂ ਭਰਨ ਦੀ ਅਪੀਲ ਕੀਤੀ। ਉਨਾਂ ਦੱਸਿਆ ਕਿ ਆਸ ਪਾਸ ਦੇ ਪਿੰਡਾਂ ਵਿਚੋਂ ਵੀ ਵੱਡੀ ਗਿਣਤੀ ਵਿਚ ਸੰਗਤਾਂ ਵਲੋਂ ਇਸ ਸਮਾਗਮ ਵਿਚ ਸ਼ਾਮਲ ਹੋਣ ਦੀ ਸੰਭਾਵਨਾ ਹੈ। ਇਸ ਸਮਾਗਮ ਵਿੱਚ ਸੰਗਤਾਂ ਨੂੰ ਲਿਆਉਣ ਲਈ ਬੱਸਾਂ ਦੇ ਵਿਸ਼ੇਸ਼ ਪ੍ਰਬੰਧ ਵੀ ਕੀਤੇ ਗਏ ਹਨ।ਇਸ ਮੌਕੇ ਉਨਾਂ ਦੇ ਨਾਲ ਹਰਦੀਪ ਸਿੰਘ, ਜਥੇਦਾਰ ਰੇਸ਼ਮ ਸਿੰਘ, ਦਿਲਾਵਰ ਸਿੰਘ, ਜਸਪਾਲ ਸਿੰਘ ਚਾਨਾ, ਜੁਝਾਰ ਸਿੰਘ, ਸਰਬਜੀਤ ਸਿੰਘ ਨਾਮਧਾਰੀ, ਅੰਮ੍ਰਿਤ ਪਾਲ ਸਿੰਘ, ਬਾਬਾ ਹਰਬੰਸ ਸਿੰਘ, ਤੀਰਥ ਸਿੰਘ, ਕਰਨਵੀਰ ਸਿੰਘ, ਗੁਰਪ੍ਰੀਤ ਸਿੰਘ, ਸਾਹਿਲ ਸਿੰਘ ਤੇ ਬਲਵੀਰ ਸਿੰਘ ਰੌਣੀ ਵੀ ਮੌਜੂਦ ਸਨ ।

ਰੋਜ਼ਾਨਾ ਲੋਕ ਬਾਣੀ www.lokbani

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਸੰਤੋਸ਼ ਕਟਾਰੀਆ ਵਿਧਾਇਕ ਦੀ ਹਾਜ਼ਰੀ ਵਿੱਚ ਪਿੰਡ ਬਨ੍ਹਾ ਦੇ ਵਾਸਦੇਵ ਸਰਪੰਚ ਦੇ ਪਰਿਵਾਰ ਨੇ ਫੜਿਆ ਆਪ ਦਾ ਪੱਲਾ



ਸ਼ਹੀਦ ਭਗਤ ਸਿੰਘ ਨਗਰ/ ਬਲਾਚੌਰ (ਰਮੇਸ ਸਰਮਾ/ਮਨਪ੍ਰੀਤ ਵਾਸੂ) ਭਗਵੰਤ ਮਾਨ ਮੁੱਖ ਮੰਤਰੀ ਪੰਜਾਬ, ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਹਲਕਾ ਵਿਧਾਇਕ ਬੀਬੀ ਸੰਤੋਸ਼ ਕਟਾਰੀਆ ਦੀ ਅਗਵਾਈ ਵਿੱਚ ਪਿੰਡ ਬਨ੍ਹਾ ਤੋਂ ਵਾਸਦੇਵ ਸਰਪੰਚ ਦਾ ਪਰਿਵਾਰ ਸਾਥੀਆਂ ਸਮੇਤ ਕਾਂਗਰਸ ਪਾਰਟੀ ਨੂੰ ਛੱਡ ਕੇ 'ਆਪ' 'ਚ ਸ਼ਾਮਲ ਹੋਏ। ਇਸ ਮੌਕੇ ਬੀਬੀ ਸੰਤੋਸ਼ ਕਟਾਰੀਆ ਨੇ ਰਵਾਇਤੀ ਪਾਰਟੀਆਂ ਨੂੰ ਛੱਡ ਕੇ ਆਪ ਚ ਆਏ ਸਾਰੇ ਸਮਰਥਕਾਂ ਦਾ ਨਿੱਘਾ ਸਵਾਗਤ ਮਫਲਰ ਪਾ ਕੇ ਕੀਤਾ। ਸੰਤੋਸ਼ ਕਟਾਰੀਆ ਨੇ ਕਿਹਾ ਕਿ ਸ਼ਾਮਲ ਹੋਏ ਸਾਰੇ ਸਾਥੀਆਂ ਨੂੰ ਪਾਰਟੀ ਵਿੱਚ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ।ਇਸ ਮੌਕੇ ਅਸ਼ੋਕ ਕਟਾਰੀਆ ਸੀਨੀਅਰ ਆਗੂ ਆਮ ਆਦਮੀ ਪਾਰਟੀ ਨੇ ਕਿਹਾ ਕਿ ਜਲਦ ਹੀ ਰਵਾਇਤੀ ਪਾਰਟੀਆਂ ਦੇ ਇਮਾਨਦਾਰ ਆਗੂ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਜਾ ਰਹੇ ਹਨ। ਇਸ ਮੌਕੇ ਕਰਨਵੀਰ ਕਟਾਰੀਆ ਯੂਥ ਆਗੂ ਆਪ ਨੇ ਸ਼ਾਮਿਲ ਹੋਏ ਸਾਥੀਆਂ ਦਾ ਸਵਾਗਤ ਕੀਤਾ।ਇਸ ਦੀ ਜਾਣਕਾਰੀ ਮੀਡੀਆ ਨੂੰ ਦਿੰਦੇ ਹੋਏ ਚੰਦਰ ਮੋਹਨ ਜੇਡੀ ਮੀਡੀਆ ਇੰਚਾਰਜ ਨੇ ਕਿਹਾ ਕਿ ਲੋਕ ਰਵਾਇਤੀ ਪਾਰਟੀਆਂ ਦੇ ਲੋਕ ਲੁਭਾਵਣੇ ਝੂਠੇ ਵਾਅਦਿਆਂ ਤੋਂ ਦੁਖੀ ਹਨ।ਇਸ ਮੌਕੇ ਆਮ ਆਦਮੀ ਪਾਰਟੀ ਵਿੱਚ ਚੌਧਰੀ ਵਾਸਦੇਵ ਭੂੰਬਲਾ ਸਰਪੰਚ ਬਨ੍ਹਾ ਦੇ ਪੁੱਤਰ ਮਨੀਸ਼ ਭੂੰਬਲਾ,ਸੋਨੂੰ ਭੂੰਬਲਾ,ਕੁੰਦਨ ਲਾਲ,ਕਮਲ ਚੇਚੀ,ਪੌਲਾ ਚੇਚੀ ,ਅਸ਼ੋਕ ਚੇਚੀ,ਬਿਸ਼ੰਬਰ ਕਿਸਾਣਾ,ਹੇਮ ਰਾਜ ਭਾਟੀਆ ਪੰਚ,ਸਿਵ ਪ੍ਰਕਾਸ਼ ਪੰਚ,ਹੇਮਰਾਜ ਕਿਸਾਣਾ,ਮਹਿੰਦਰ ਖੇਪੜ,ਬਲਵੀਰ ਕਿਸਾਣਾ,ਰਾਜ ਕੁਮਾਰ ਭਾਟੀਆ ਆਦਿ ਦੇ ਪਰਿਵਾਰ ਸ਼ਾਮਿਲ ਹੋਏ।

# ਫਗਵਾੜਾ ਪੁਲਿਸ ਵਲੋਂ ਸਪੈਸ਼ਲ ਚੈਕਿੰਗ ਦੌਰਾਨ ਇੱਕ ਨਸ਼ਾ ਤਸਕਰ ਕਾਬੂ



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਸ਼੍ਰੀਮਤੀ ਵਤਸਲਾ ਗੁਪਤਾ ,ਸੀਨੀਅਰ ਪੁਲਿਸ ਕਪਤਾਨ ਕਪੂਰਥਲਾ ਜੀ ਦੇ ਦਿਸ਼ਾ ਨਿਰਦੇਸ਼ ਹੇਠ ਮਾੜੇ ਅਨਸਰਾਂ ਦੇ ਖਿਲਾਫ ਵਿੱਢੀ ਮੁਹਿੰਮ ਦੇ ਤਹਿਤ ਜਿਲਾ ਕਪੂਰਥਲਾ ਦੀ ਸਬ ਡਵੀਜਨ ਫਗਵਾੜਾ ਵਿੱਚ ਥਾਣਾ ਸਿਟੀ ਫਗਵਾੜਾ ਦੀ ਪੁਲਿਸ ਟੀਮ ਵੱਲੋਂ ਸਪੈਸਲ ਚੈਕਿੰਗ ਦੌਰਾਨ ਨਸ਼ਾ ਤਸਕਰ ਕਾਬੂ ਸ਼੍ਰੀਮਤੀ ਰੁਪਿੰਦਰ ਕੌਰ ਭੱਟੀ ਪੁਲਿਸ ਕਪਤਾਨ ਸਬ ਡਵੀਜਨ ਫਗਵਾੜਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮਿਤੀ 22.09.24 ਨੂੰ ਸੂਚਨਾ ਮਿਲੀ ਸੀ ਕਿ ਥਾਣਾ ਸਿਟੀ ਫਗਵਾੜਾ ਦੀ ਪੁਲਿਸ ਪਾਰਟੀ ਬਰਾਏ ਸਪੈਸ਼ਲ ਚੈਕਿੰਗ ਅਤੇ ਜੇ.ਸੀ.ਟੀ ਫਾਟਕ ਸਾਹਮਣੇ ਮੌਜੂਦ ਸੀ ਤਾਂ ਮੁਖਬਰ ਖਾਸ ਵਲੋਂ ਇਤਲਾਹ ਮਿਲੀ ਕਿ ਸਾਮੂ ਪੁੱਤਰ ਸ੍ਰੀ ਸੰਤ ਰਾਮ ਵਾਸੀ ਛੱਜ ਕਲੋਨੀ ਫਗਵਾੜਾ ਜੋ ਨਸ਼ਾ ਵੇਚਣ ਦਾ ਧੰਦਾ ਕਰਦਾ ਹੈ ਜੋ ਅੱਜ ਅਰਬਨ ਅਸਟੇਟ ਫਗਵਾੜਾ ਅਤੇ ਸੀ.ਆਰ.ਪੀ ਕਲੋਨੀ ਵਿੱਚ ਗਾਹਕਾ ਨੂੰ ਨਸ਼ਾ ਵੇਚਣ ਵਾਸਤੇ ਘੁੰਮ ਰਹੇ ਹਨ ਜੇਕਰ ਦੁਸ਼ਾਂਝ ਗੇਟ ਪਰ ਨਾਕਾਬੰਦੀ ਕੀਤੀ ਜਾਵੇ ਤਾਂ ਉਕਤ ਨੌਜਵਾਨ ਨਸ਼ੇ ਸਮੇਤ ਕਾਬੂ ਆ ਸਕਦੇ ਹਨ ਜਿਸ ਤੇ ਥਾਣਾ ਸਿਟੀ ਫਗਵਾੜਾ ਦੀ ਪੁਲਿਸ ਪਾਰਟੀ ਵਲੋਂ ਦੋਸ਼ਾਂਝ ਗੇਟ ਪੁੱਜ ਕੇ ਨਾਕਾਬੰਦੀ ਕੀਤੀ ਤਾਂ ਦੌਰਾਨੇ ਨਾਕਾਬੰਦੀ ਅਰਬਨ ਅਸਟੇਟ ਫਗਵਾੜਾ ਸਾਈਡ ਤੋਂ ਇਕ ਨੌਜਵਾਨ ਨੂੰ ਕਾਬੂ ਕਰਕੇ ਉਸ ਪਾਸੋਂ 15 ਗ੍ਰਾਮ ਹੈਰੋਇਨ ਬ੍ਰਾਮਦ ਕੀਤੀ ਕਾਬੂ ਸ਼ੁਦਾ ਨੌਜਵਾਨ ਦਾ ਨਾਮ ਪਤਾ ਪੁੱਛਣ ਤੇ ਉਸਨੇ ਆਪਣਾ ਨਾਮ ਸਾਮੂ ਪੁੱਤਰ ਸ੍ਰੀ ਸੰਤ ਰਾਮ ਵਾਸੀ ਛੱਜ ਕਲੋਨੀ ਫਗਵਾੜਾ ਥਾਣਾ ਸਿਟੀ ਫਗਵਾੜਾ ਦੱਸਿਆ ਜਿਸ ਤੇ ਸਾਮੂ ਪੁੱਤਰ ਸ੍ਰੀ ਸੰਤ ਰਾਮ ਵਾਸੀ ਛੱਜ ਕਲੋਨੀ ਫਗਵਾੜਾ ਨੂੰ ਗ੍ਰਿਫਤਾਰ ਕਰਕੇ ਉਸਦੇ ਖਿਲਾਫ ਮੁਕੱਦਮਾ ਨੰਬਰ 213 ਮਿਤੀ 21.09.2024 ਅ/ਧ 21- 61- 85 ਐਨ.ਡੀ.ਪੀ.ਐਸ ਐਕਟ ਥਾਣਾ ਸਿਟੀ ਫਗਵਾੜਾ ਦਰਜ ਰਜਿਸਟਰ ਕੀਤਾ ਗਿਆ

# ਸਾਂਝੀਵਾਲਤਾ ਦਾ ਸੰਦੇਸ਼ ਦਿੰਦੀ ਹੈ ਬਾਬਾ ਫਰੀਦ ਜੀ ਦੀ ਬਾਣੀ : ਫੈਸਲ ਖਾਨ



ਸ੍ਰੀ ਅਨੰਦਪੁਰ ਸਾਹਿਬ, (ਦਵਿੰਦਰਪਾਲ ਸਿੰਘ): ਪੰਜਾਬ ਦੀ ਧਰਤੀ ਗੁਰੂਆਂ ਪੀਰਾਂ ਦੀ ਧਰਤੀ ਹੈ। ਬਾਬਾ ਫਰੀਦ ਜੀ ਉਹਨਾਂ ਵਿੱਚੋਂ ਇੱਕ ਸਨ ਜਿਨ੍ਹਾਂ ਨੇ ਲੋਕਾਈ ਨੂੰ ਸੱਚੇ ਰੱਬ ਨਾਲ ਜੋੜਨ ਵਿੱਚ ਆਪਣੇ ਅਹਿਮ ਭੂਮਿਕਾ ਨਿਭਾਈ। ਆਪ ਜੀ ਦਾ ਆਗਮਨ ਪੁਰਬ ਪੰਜਾਬ ਵਿੱਚ ਮਨਾਏ ਜਾਣ ਵਾਲਾ ਇੱਕ ਵਿਸ਼ਾਲ ਉਤਸਵ ਹੁੰਦਾ ਹੈ। ਬਾਬਾ ਫਰੀਦ ਜੀ ਇੱਕ ਅਧਿਆਤਮਕ ਰਹਿਬਰ ਸਨ ਜਿਨਾਂ ਨੇ ਦੁਨੀਆਂ ਵਿੱਚ ਗਿਆਨ ਦਾ ਚਾਨਣ ਫੈਲਾਇਆ। ਪੰਜਾਬ ਵਿੱਚ ਆਪ ਜੀ ਦਾ ਆਗਮਨ ਪੁਰਬ 23 ਸਤੰਬਰ 1986 ਤੋਂ ਫਰੀਦਕੋਟ ਵਿਖੇ ਵੱਡੇ ਪੱਧਰ ਤੇ ਮਨਾਇਆ ਜਾਂਦਾ ਹੈ। ਉੱਘੇ ਲੇਖਕ ਤੇ ਸ਼ਾਇਰ ਨਵਾਬ ਫੈਸਲ ਖਾਨ ਨੇ ਇਸ ਸਬੰਧੀ ਗੱਲਬਾਤ ਕਰਦਿਆਂ ਕਿਹਾ ਕਿ ਬਾਬਾ ਫਰੀਦ ਜੀ ਦੀਆਂ ਸਿੱਖਿਆਵਾਂ ਵਿੱਚ ਸਾਂਝੀਵਾਲਤਾ ਦਾ ਸੰਦੇਸ਼ ਹੈ। ਉਹਨਾਂ ਦੀ ਬਾਣੀ ਸਿੱਖਿਆਵਾਂ ਨਾਲ ਭਰਪੂਰ ਹੈ। ਫੈਸਲ ਨੇ ਅੱਗੇ ਕਿਹਾ ਕਿ ਉਹਨਾਂ ਦੀ ਬਾਣੀ ਵਿੱਚ ਉਹ ਮਿੱਠਾ ਬੋਲਣ, ਖਿਮਾਂ ਕਰਨ, ਸਬਰ ਸੰਤੋਖ ਰੱਖਣ, ਪਖੰਡ ਤੋਂ ਬਚਣ, ਰੁੱਖੀ ਸੁੱਕੀ ਖਾਣ ਅਤੇ ਦਰਵੇਸ਼ਾਂ ਵਾਲਾ ਜੀਵਨ ਜਿਉਣ ਦਾ ਉਪਦੇਸ਼ ਦਿੰਦੇ ਹਨ। ਫੈਸਲ ਨੇ ਅੱਗੇ ਕਿਹਾ ਕਿ ਅੱਜ ਸਾਨੂੰ ਫਰੀਦ ਜੀ ਦੀ ਵਿਚਾਰਧਾਰਾ ਤੇ ਚੱਲਣ ਦੀ ਲੋੜ ਹੈ।

# ਰਾਹੋਂ ਗੁਰਮਤਿ ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਭਰੀ ਹਾਜਰੀ



ਸ਼ਹੀਦ ਭਗਤ ਸਿੰਘ ਨਗਰ (ਰਮੇਸ਼ ਸਰਮਾ/ ਮਨਪ੍ਰੀਤ ਵਾਸੂ)ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ 555 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਨਵਾਂਸ਼ਹਿਰ ਵਲੋਂ ਮਹਾਨ ਕੀਰਤਨ ਦਰਬਾਰ 4, 5 ਅਤੇ 6 ਨਵੰਬਰ ਨੂੰ ਨਵਾਂ ਸ਼ਹਿਰ ਵਿਖੇ ਹਰ ਸਾਲ ਦੀ ਤਰ੍ਹਾਂ ਕਰਵਾਏ ਜਾ ਰਹੇ ਹਨ। ਉਸ ਕੀਰਤਨ ਦਰਬਾਰ ਨੂੰ ਸਮਰਪਿਤ ਸੁਸਾਇਟੀ ਵਲੋਂ ਜਿਲੇ ਭਰ ਵਿੱਚ ਪਿੰਡ ਪਿੰਡ ਗੁਰਮਤਿ ਸਮਾਗਮਾਂ ਦੀ ਲੜੀ ਨਿਰੰਤਰ ਜਾਰੀ ਹੈ। ਇਸੇ ਹੀ ਸਬੰਧ ਵਿੱਚ ਸਤਵੇਂ ਸਮਾਗਮ ਸਥਾਨਕ ਗੁਰਦੁਆਰਾ ਕਲਗੀਧਰ ਸਾਹਿਬ ਵਿਖੇ ਬੜੀ ਸ਼ਰਧਾ ਪ੍ਰੇਮ ਅਤੇ ਸਤਿਕਾਰ ਸਹਿਤ ਕਰਵਾਏ ਗਏ। ਸਮਾਗਮ ਦੀ ਆਰੰਭਤਾ ਸ਼ਾਮ ਨੂੰ ਸੋਦਰ ਰਹਿਰਾਸ ਸਾਹਿਬ ਜੀ ਦੇ ਪਾਠ ਨਾਲ ਹੋਈ। ਇਸ ਤੋਂ ਬਾਅਦ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੁਖਜੀਤ ਸਿੰਘ ਕੁਹਾੜਕਾ ਦੇ ਅੰਮ੍ਰਿਤਮਈ ਬਾਣੀ ਦਾ ਰਸ ਭਿੰਨਾ ਕੀਰਤਨ ਸਰਵਣ ਕਰਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਸਮੂੱਚੀਆਂ ਸੰਗਤਾਂ ਨੇ ਭਾਈ ਸਾਹਿਬ ਨਾਲ ਕੀਰਤਨ ਕਰਨ ਦਾ ਸਾਥ ਦੇ ਕੇ ਮਾਹੌਲ ਨੂੰ ਰੂਹਾਨੀਅਤ ਭਰਪੂਰ ਬਣਾ ਦਿੱਤਾ। ਇਸ ਉਪਰੰਤ ਪੰਥ ਦੇ ਵਿਦਵਾਨ ਅਤੇ ਚਿੰਤਕ ਪ੍ਰੋਫੈਸਰ ਸਰਬਜੀਤ ਸਿੰਘ ਰੇੜਕਾ ਨੇ ਸੰਗਤਾਂ ਦੇ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਉਹਨਾਂ ਨੇ ਨਾਨਕ ਭਗਤਾ ਸਦਾ ਵਿਗਾਸੁ ਵਿਸ਼ੇ ਤੇ ਚਾਨਣਾ ਪਾਉਂਦੇ ਹੋਏ ਦੱਸਿਆ ਕਿ ਜ਼ਿੰਦਗੀ ਨੂੰ ਖੁਸ਼ੀਆਂ ਖੇੜਿਆਂ ਭਰਪੂਰ ਬਣਾਉਣ ਲਈ ਗੁਰਬਾਣੀ ਨੂੰ ਪੜਨਾਂ ਅਤੇ ਵਿਚਾਰਨਾ ਬਹੁਤ ਜਰੂਰੀ ਹੈ। ਜ਼ਿੰਦਗੀ ਵਿੱਚ ਹਾਂ ਪੱਖੀ ਸੋਚ ਰੱਖਣ ਵਾਲੇ ਵਿਅਕਤੀ ਮਾਨਸਿਕ ਤਣਾਅ, ਚਿੰਤਾਵਾਂ ਅਤੇ ਪਰੇਸ਼ਾਨੀਆਂ ਤੋਂ ਮੁਕਤ ਹੋ ਸਕਦੇ ਹਨ। ਉਹਨਾਂ ਕਿਹਾ ਕਿ ਗੁਰਬਾਣੀ ਤੇ ਟੇਕ ਰੱਖਣ ਵਾਲੇ ਵਿਅਕਤੀ ਕਦੇ ਨਿਰਾਸ਼ਾ ਦੇ ਆਲਮ ਵਿੱਚ ਨਹੀਂ ਜਾ ਸਕਦੇ। ਉਹਨਾਂ ਨੇ ਗੁਰੂ ਨਾਨਕ ਮਿਸ਼ਨ ਸਸਾਇਟੀ ਵੱਲੋਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਗੁਰਮਤਿ ਸਮਾਗਮਾਂ ਦੀ ਲੜੀ ਅਤੇ ਸਮਾਜ ਸੇਵਾ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕੀਤੀ। ਸਮਾਪਤੀ ਤੇ ਸੁਸਾਇਟੀ ਵੱਲੋਂ ਬਰਜਿੰਦਰ ਸਿੰਘ ਹੁਸੈਨਪੁਰ ਅਤੇ ਹੋਰ ਮੈਂਬਰਾਂ ਨੇ ਦਰਬਾਰ ਸਾਹਿਬ ਦੇ ਰਾਗੀ ਜਥੇ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਨਮਾਨ ਕੀਤਾ। ਇਸ ਮੌਕੇ ਸੋਸਾਇਟੀ ਦੇ ਮੁੱਖ ਸੇਵਾਦਾਰ ਸੁਰਜੀਤ ਸਿੰਘ ਨੇ ਸੰਗਤਾਂ ਵੱਲੋਂ ਦਿੱਤੇ ਜਾ ਰਹੇ ਭਰਪੂਰ ਸਹਿਯੋਗ ਲਈ ਅਕਾਲ ਪੁਰਖ ਦਾ ਸ਼ੁਕਰਾਨਾ ਅਤੇ ਸਮੂੱਚੀਆਂ ਸੰਗਤਾਂ ਦਾ ਧੰਨਵਾਦ ਕੀਤਾ।ਤਰਲੋਚਨ ਸਿੰਘ ਖਟਕੜ ਕਲ ਵਾਲਿਆਂ ਵੱਲੋਂ ਸਟੇਜ ਦਾ ਸੰਚਾਲਨ ਕੀਤਾ ਗਿਆ। ਗੁਰਦੁਆਰਾ ਕਮੇਟੀ ਵੱਲੋਂ ਪ੍ਰਧਾਨ ਸਰਦਾਰ ਤਰਲੋਚਨ ਸਿੰਘ ਨੇ ਆਈਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ। ਉਨਾਂ ਨੇ ਇਲਾਕੇ ਦੀਆਂ ਸੰਗਤਾਂ ਨੂੰ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਨੂੰ ਵੱਧ ਤੋਂ ਵੱਧ ਸਹਿਯੋਗ ਦੇਣ ਲਈ ਅਪੀਲ ਵੀ ਕੀਤੀ। ਇਸ ਮੌਕੇ ਸੰਗਤਾਂ ਵਿੱਚ ਜਥੇਦਾਰ ਮਹਿੰਦਰ ਸਿੰਘ ਹੁਸੈਨਪੁਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਕਮੇਟੀ, ਦਿਲਬਾਗ ਸਿੰਘ ਕਾਹਲੋਂ, ਉੱਤਮ ਸਿੰਘ ਸੇਠੀ, ਦੀਦਾਰ ਸਿੰਘ ਗਹੂੰਣ, ਰਘਵਿੰਦਰ ਸਿੰਘ, ਬਲਜੀਤ ਸਿੰਘ ਬਾਜਵਾ, ਕੁਲਵਿੰਦਰ ਸਿੰਘ ਖੱਖ, ਬਾਲਕ ਅਮਰਜੀਤ ਸਿੰਘ ਪਾਹਵਾ, ਮਾਸਟਰ ਜੋਗਾ ਸਿੰਘ ਸਿਆਣ, ਗੁਰਨਾਮ ਸਿੰਘ, ਬਲਜੀਤ ਸਿੰਘ ਛੀਨਾ, ਮਲਕੀਤ ਸਿੰਘ ਕਾਹਲੋਂ, ਗੁਰਦਿਆਲ ਸਿੰਘ ਸੰਧੂ, ਭਾਈ ਸੰਤੋਖ ਸਿੰਘ ਹੈਡ ਗ੍ਰੰਥੀ, ਜਗਜੀਤ ਸਿੰਘ ਸੈਣੀ, ਜਸਵਿੰਦਰ ਸਿੰਘ ਸੈਣੀ, ਜਗਦੀਪ ਸਿੰਘ, ਪਰਮਿੰਦਰ ਸਿੰਘ ਕੰਵਲ, ਹਕੀਕਤ ਸਿੰਘ, ਕੁਲਜੀਤ ਸਿੰਘ ਖਾਲਸਾ ਦਲਜੀਤ ਸਿੰਘ ਕਰੀਹਾ, ਰਮਨੀਕ ਸਿੰਘ, ਕਮਲਜੀਤ ਸਿੰਘ ਸੈਣੀ, ਗਿਆਨ ਸਿੰਘ ਪਰਮਜੀਤ ਸਿੰਘ ਮੂਸਾਪੁਰ, ਅਵਤਾਰ ਸਿੰਘ ਗਰਚਾ, ਜਗਜੀਤ ਸਿੰਘ ਗਰਚਾ, ਦਲੇਰ ਸਿੰਘ, ਇੰਦਰਜੀਤ ਸਿੰਘ ਬਾਹੜ, ਨਵਦੀਪ ਸਿੰਘ ਬਲਬੀਰ ਸਿੰਘ, ਜੋਗਾ ਸਿੰਘ ਐਸ ਡੀ ਓ, ਜੋਗਿੰਦਰ ਸਿੰਘ ਮਹਾਲੋਂ, ਅਮਰੀਕ ਸਿੰਘ, ਮਾਸਟਰ ਨਰਿੰਦਰ ਸਿੰਘ ਪਾਟਾ ਜਸਕਰਨ ਸਿੰਘ ਧਰਮਕੋਟ ਬਖਸ਼ੀਸ਼ ਸਿੰਘ ਗੁਰਪਾਲ ਸਿੰਘ ਦਲਜੀਤ ਸਿੰਘ ਸੈਣੀ ਦਲਜੀਤ ਸਿੰਘ ਬੜਵਾਲ ਅਤੇ ਵਾਸਤ ਹਰਿੰਦਰ ਸਿੰਘ ਦਵਾ ਸ਼ਹਿਰ ਵੀ ਸ਼ਾਮਲ ਸਨ

# ਮਹਾਤਮਾ ਗਾਂਧੀ ਜੀ ਦੇ ਜਨਮਦਿਵਸ ਮੌਕੇ 02 ਅਕਤੂਬਰ ਨੂੰ ਜ਼ਿਲ੍ਹਾ ਮਾਲੇਰਕੋਟਲਾ ਵਿਚ ਡਰਾਈ ਡੇਅ ਘੋਸ਼ਿਤ।



ਮਾਲੇਰਕੋਟਲਾ :(ਕਿਮੀ ਅਰੋੜਾ,ਅਸਲਮ ਨਾਜ਼)ਜ਼ਿਲ੍ਹਾ ਮੈਜਿਸਟਰੇਟ-ਕਮ-ਡਿਪਟੀ ਕਮਿਸ਼ਨਰ ਡਾ. ਪੱਲਵੀ ਵੱਲੋਂ ਪੰਜਾਬ ਆਬਕਾਰੀ ਐਕਟ 1914 ਦੀ ਧਾਰਾ 54 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਮਾਲੇਰਕੋਟਲਾ ਅੰਦਰ 02 ਅਕਤੂਬਰ 2024 ਨੂੰ ਮਹਾਤਮਾ ਗਾਂਧੀ ਜੀ ਦੇ ਜਨਮ ਦਿਵਸ ਨੂੰ ਮੁੱਖ ਰੱਖਦੇ ਹੋਏ ਡਰਾਈ ਡੇਅ ਘੋਸ਼ਿਤ ਕੀਤਾ ਹੈ।

ਡਰਾਈ ਡੇਅ ਦੌਰਾਨ ਜ਼ਿਲ੍ਹਾ ਮਾਲੇਰਕੋਟਲਾ ਦੀ ਹਦੂਦ ਅੰਦਰ ਕਿਸੇ ਵੀ ਸ਼ਰਾਬ ਦੇ ਠੇਕੇ (ਦੇਸੀ ਅਤੇ ਅੰਗਰੇਜ਼ੀ), ਹੋਟਲ, ਦੁਕਾਨ, ਰੈਸਟੋਰੈਂਟ, ਕਲੱਬ, ਬੀਅਰ ਬਾਰ, ਅਹਾਤੇ ਅਤੇ ਹੋਰ ਜਨਤਕ ਥਾਵਾਂ ਆਦਿ ਤੇ ਸ਼ਰਾਬ ਦੀ ਵਿੱਕਰੀ ਕਰਨ, ਵਰਤੋਂ ਕਰਨ, ਪੀਣ/ਪਿਲਾਉਣ ਅਤੇ ਸਟੋਰ ਕਰਨ ਤੇ ਮੁਕੰਮਲ ਪਾਬੰਦੀ ਲਗਾਈ ਹੈ । ਇਨ੍ਹਾਂ ਹੁਕਮ ਨੂੰ ਪੂਰਨ ਤੌਰ ਤੇ ਲਾਗੂ ਕਰਵਾਉਣ ਲਈ ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ, ਮਾਲੇਰਕੋਟਲਾ ਜ਼ਿੰਮੇਵਾਰ ਹੋਣਗੇ।

ਰੋਜ਼ਾਨਾ ਲੋਕ ਬਾਣੀ
www.lokbani

# ਕਾਨਪੁਰ ਚ ਐਨਕਾਊਂਟਰ ਨੂੰ ਲੈ ਕੇ ਵਿਰੋਧੀ ਧਿਰ ਦੇ ਨੇਤਾ ਨੇ ਯੂਪੀ ਸਰਕਾਰ ਤੇ ਵਰ੍ਹਿਆ

ਕਾਨਪੁਰ (ਸੁਨੀਲ ਬਾਜਪਾਈ) ਸੋਮਵਾਰ ਨੂੰ ਇੱਥੇ ਕਾਨਪੁਰ ਪਹੁੰਚੇ ਸਮਾਜਵਾਦੀ ਪਾਰਟੀ ਦੇ ਵਿਰੋਧੀ ਧਿਰ ਦੇ ਨੇਤਾ ਮਾਤਾ ਪ੍ਰਸਾਦ ਪਾਂਡੇ ਨੇ ਜੇਲ੍ਹ ਵਿੱਚ ਬੰਦ ਪਾਰਟੀ ਵਿਧਾਇਕ ਇਰਫਾਨ ਸੋਲੰਕੀ ਦੇ ਪਰਿਵਾਰ ਨਾਲ ਮੁਲਾਕਾਤ ਕੀਤੀ। ਇਸ ਗੱਲਬਾਤ ਦੌਰਾਨ ਉਨ੍ਹਾਂ ਨੇ ਐਨਕਾਊਂਟਰ ਨੂੰ ਲੈ ਕੇ ਯੂਪੀ ਸਰਕਾਰ ਤੇ ਵੀ ਤਿੱਖੇ ਹਮਲੇ ਕੀਤੇ।

ਇੱਥੇ ਮੀਡੀਆ ਨਾਲ ਗੱਲਬਾਤ ਕਰਦਿਆਂ ਸਪਾ ਨੇਤਾ ਮਾਤਾ ਪ੍ਰਸਾਦ ਨੇ ਕਿਹਾ- ਸਰਕਾਰ ਦੇ ਨਿਸ਼ਾਨੇ ਤੇ ਸਿਰਫ ਮੁਸਲਮਾਨ, ਯਾਦਵ ਅਤੇ ਬ੍ਰਾਹਮਣ ਹਨ। ਸਰਕਾਰ ਵਿੱਚ ਹੋਣ ਵਾਲੇ ਸਾਰੇ ਮੁਕਾਬਲੇ ਫਰਜ਼ੀ ਹਨ। ਕਿਸੇ ਵੀ ਮੁਕਾਬਲੇ ਵਿੱਚ ਕਰਾਸ ਫਾਇਰਿੰਗ ਹੁੰਦੀ ਹੈ।

ਉਨ੍ਹਾਂ ਪੁਲੀਸ ਵੱਲੋਂ ਕੀਤੇ ਮੁਕਾਬਲਿਆਂ 'ਤੇ ਸਵਾਲ ਖੜ੍ਹੇ ਕਰਦਿਆਂ ਕਿਹਾ ਕਿ ਇਸ ਵਿੱਚ ਅਪਰਾਧੀ ਨੂੰ ਹੀ ਗੋਲੀ ਲੱਗ ਜਾਂਦੀ ਹੈ। ਪੁਲਿਸ ਨੇ ਕਦੇ ਗੋਲੀ ਨਹੀਂ ਚਲਾਈ, ਪੁਲਿਸ ਕਿਵੇਂ ਬਚਦੀ ਹੈ ? ਲੱਤ ਵਿੱਚ ਜਾਅਲੀ ਗੋਲੀ ਮਾਰੀ ਜਾ ਰਹੀ ਹੈ। ਇਹ ਪੂਰੀ ਤਰ੍ਹਾਂ ਗੈਰ-ਕਾਨੂੰਨੀ ਹੈ। ਇੱਥੇ ਪਹੁੰਚਣ ਤੋਂ ਬਾਅਦ ਵਿਰੋਧੀ ਧਿਰ ਦੇ ਨੇਤਾ ਮਾਤਾ ਪ੍ਰਸਾਦ ਪਾਂਡੇ ਨੇ ਸਾਬਕਾ ਵਿਧਾਇਕ ਇਰਫਾਨ ਸੋਲੰਕੀ ਦੇ ਪਰਿਵਾਰ ਨਾਲ ਵੀ ਮੁਲਾਕਾਤ ਕੀਤੀ। ਉਹ ਸਭ ਤੋਂ ਪਹਿਲਾਂ ਮਾਤਾ ਪ੍ਰਸਾਦ ਜਾਜਮਊ ਸਥਿਤ ਸਾਬਕਾ ਸਪਾ ਵਿਧਾਇਕ ਇਰਫਾਨ ਸੋਲੰਕੀ ਦੇ ਘਰ ਪਹੁੰਚੇ। ਇੱਥੇ ਉਨ੍ਹਾਂ ਨੇ ਇਰਫਾਨ ਦੀ ਪਤਨੀ ਅਤੇ ਪਰਿਵਾਰ ਨਾਲ ਕਰੀਬ 20 ਮਿੰਟ ਤੱਕ ਮੁਲਾਕਾਤ ਕੀਤੀ। ਉਸਨੇ ਕਿਹਾ- ਇਰਫਾਨ ਸੋਲੰਕੀ ਅਤੇ ਉਸਦੇ ਪਰਿਵਾਰ ਨੂੰ ਜੇਲ੍ਹ ਦੇ ਬਾਹਰ ਵੀ ਤਸੀਹੇ ਦਿੱਤੇ ਜਾ ਰਹੇ ਹਨ। ਇਸ ਦੌਰਾਨ ਉਨ੍ਹਾਂ ਨਾਲ ਸਮਾਜਵਾਦੀ ਪਾਰਟੀ ਦੇ ਕਈ ਆਗੂ ਵੀ ਮੌਜੂਦ ਸਨ।

ਰੋਜ਼ਾਨਾ ਲੋਕ ਬਾਣੀ
www.lokbani




# ਜ਼ਿਲ੍ਹਾ ਮੈਜਿਸਟਰੇਟ ਵਲੋਂ ਕੰਬਾਇਨਾਂ ਨਾਲ ਝੋਨੇ ਦੀ ਫਸਲ ਕੱਟਣ ਤੇ ਸ਼ਾਮ 7 ਤੋਂ ਸਵੇਰ 10 ਵਜੇ ਤੱਕ ਪਾਬੰਦੀ

ਮਾਲੇਰਕੋਟਲਾ :(ਕਿਮੀ ਅਰੋੜਾ ਅਸਲਮ ਨਾਜ਼) ਜ਼ਿਲ੍ਹਾ ਮੈਜਿਸਟਰੇਟ ਡਾ. ਪੱਲਵੀ ਵਲੋਂ ਭਾਰਤੀ ਨਾਗਰਿਕ ਸੁਰਕਸ਼ਾ ਸੰਘਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਮਾਲੇਰਕੋਟਲਾ ਅੰਦਰ ਸ਼ਾਮ 07:00 ਵਜੇ ਤੋਂ ਸਵੇਰੇ 10:00 ਵਜੇ ਤੱਕ ਕੰਬਾਇਨਾਂ ਨਾਲ ਝੋਨੇ ਦੀ ਫਸਲ ਕੱਟਣ ਦੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ ।




ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਝੋਨੇ ਦੀ ਕਟਾਈ ਦਾ ਸੀਜ਼ਨ ਸ਼ੁਰੂ ਹੋਣ ਵਾਲਾ ਹੈ। ਆਮ ਤੌਰ ਤੇ ਇਹ ਵੇਖਣ ਵਿੱਚ ਆਇਆ ਹੈ ਕਿ ਝੋਨੇ ਦੀ ਕਟਾਈ ਲਈ ਕੰਬਾਇਨਾਂ 24 ਘੰਟੇ ਕੰਮ ਕਰਦੀਆਂ ਹਨ। ਰਾਤ ਸਮੇਂ ਕੰਬਾਇਨਾਂ ਚੱਲਣ ਨਾਲ ਜਾਨੀ-ਮਾਲੀ ਨੁਕਸਾਨ ਹੋਣ ਦਾ ਡਰ ਰਹਿੰਦਾ ਹੈ। ਰਾਤ ਸਮੇਂ ਕੱਟਿਆ ਗਿੱਲਾ/ ਹਰਾ ਝੋਨਾਂ ਜਦੋਂ ਮੰਡੀਆਂ ਵਿੱਚ ਵਿਕਣ ਲਈ ਜਾਂਦਾ ਹੈ ਤਾਂ ਨਮੀ ਪ੍ਰਵਾਨਿਤ ਹੱਦ ਨਾਲੋਂ ਜਿਆਦਾ ਹੋਣ ਕਰਕੇ ਖਰੀਦ ਏਜੰਸੀਆਂ ਝੋਨੇ ਦੀ ਖ਼ਰੀਦ ਕਰਨ ਤੋਂ ਝਿਜਕਦੀਆਂ ਹਨ। ਜਿਸ ਨਾਲ ਜਿੱਥੇ ਕਿਸਾਨਾਂ ਦਾ ਨੁਕਸਾਨ ਹੁੰਦਾ ਹੈ,ਉੱਥੇ ਅਸਿੱਧਾ ਅਸਰ ਦੇਸ਼ ਦੇ ਉਤਪਾਦਨ ਤੇ ਵੀ ਪੈਂਦਾ ਹੈ। ਝੋਨਾ ਨਾ ਵਿਕਣ ਕਾਰਨ ਕਿਸਾਨਾਂ ਵਿੱਚ ਰੋਸ ਪੈਦਾ ਹੁੰਦਾ ਹੈ, ਜਿਸ ਨਾਲ ਅਮਨ ਕਾਨੂੰਨ ਭੰਗ ਹੋਣ ਦੀ ਸਥਿਤੀ ਉਤਪੰਨ ਹੁੰਦੀ ਹੈ।

ਉਹਨਾਂ ਕਿਹਾ ਕਿ ਪੁਰਾਣੀਆਂ ਹਾਰਵੈਸਟਰ ਕੰਬਾਇਨਾਂ ਝੋਨੇ ਦੀ ਕੁਆਲਿਟੀ ਨੂੰ ਬੁਰੀ ਤਰਾਂ ਪ੍ਰਭਾਵਿਤ ਕਰਦੀਆਂ ਹਨ, ਮਕੈਨੀਕਲ ਨੁਕਸ ਹੋਣ ਕਾਰਨ ਟੁੱਟੇ ਦਾਣਿਆਂ ਦੀ ਮਾਤਰਾ ਵੀ ਮਾਪਦੰਡਾਂ ਤੋਂ ਕਾਫੀ ਵੱਧ ਜਾਂਦੀ ਹੈ। ਜਿਸ ਕਾਰਨ ਖਰੀਦ ਏਜੰਸੀਆਂ ਝੋਨਾ ਖਰੀਦਣ ਤੋਂ ਹਿਚਕਚਾਉਂਦੀਆਂ ਹਨ। ਇਸ ਲਈ ਉਹਨਾਂ ਨੇ ਕਟਾਈ ਸਮੇਂ ਝੋਨੇ ਦੀ ਕੁਆਲਿਟੀ ਖਰਾਬ ਹੋਣ ਤੋਂ ਰੋਕਣ ਲਈ ਕੰਬਾਇਨਾਂ ਦੇ ਮਾਲਕਾਂ ਨੂੰ ਕਟਾਈ ਤੋਂ ਪਹਿਲਾਂ ਪੁਰਾਣੀਆਂ ਹਾਰਵੈਸਟਰ ਕੰਬਾਈਨਜ਼ ਦੀ ਨਿਰਮਾਤਾ ਕੰਪਨੀ ਅਤੇ ਖੇਤੀਬਾੜੀ ਵਿਕਾਰ ਮੁੱਖ ਖੇਤੀਬਾੜੀ ਅਫਸਰ ਤੋਂ ਇੰਸਪੈਕਸ਼ਨ ਕਰਵਾਉਣ ਦੀ ਹਦਾਇਤ ਕੀਤੀ । ਇਹ ਹੁਕਮ ਜ਼ਿਲ੍ਹੇ ਵਿੱਚ 1 ਅਕਤੂਬਰ ਤੋਂ 30 ਨਵੰਬਰ 2024 ਤੱਕ ਲਾਗੂ ਰਹਿਣਗੇ।

ਰੋਜ਼ਾਨਾ ਲੋਕ ਬਾਣੀ
www.lokbani

# ਗਾਇਕ ਪੰਜਾਬ ਦਾ ਨਵਾਂ ਗੀਤ ਤੇਰੇ ਮੇਰੇ ਵਿੱਚ..ਹੋਇਆ ਰਿਲੀਜ਼




ਅੰਮ੍ਰਿਤਸਰ, (ਲੋਕ ਬਾਣੀ)- ਮਾਂ ਸਰਸਵਤੀ ਜਿਸ ਉੱਪਰ ਕਿਰਪਾ ਕਰਦੀ ਹੈ ਉਸ ਨੂੰ ਸੁਰ ਤਾਲ ਨਾਲ ਨਿਵਾਜਦੀ ਹੈ ਅਤੇ ਕਲਾਕਾਰ ਵੀ ਦਿਨ ਰਾਤ ਰਿਆਜ਼ ਅਤੇ ਮਿਹਨਤ ਕਰਕੇ ਗੁਰੂਆਂ ਤੋਂ ਸਿੱਖਿਆ ਲੈ ਕੇ ਆਪਣੀ ਗਾਇਕੀ ਨੂੰ ਨਿਖਾਰਦਾ ਹੈ। ਗਾਇਕ ਪੰਜਾਬ ਵੀ ਉਹਨਾਂ ਕਲਾਕਾਰਾਂ ਵਿੱਚੋਂ ਇੱਕ ਚਮਕਦੇ ਨਗੀਨੇ ਵਾਂਗੂ ਹਨ। ਜਿਨਾਂ ਦਾ ਪੰਜਾਬ ਪ੍ਰੋਡਕਸ਼ਨ ਦੇ ਬੈਨਰ ਹੇਠ ਇੱਕ ਗੀਤ ਤੇਰੇ ਮੇਰੇ ਵਿੱਚ ਰਿਲੀਜ਼ ਕੀਤਾ ਗਿਆ ਜਿਸ ਨੂੰ ਗਾਇਕ ਪੰਜਾਬ ਨੇ ਗਾਇਆ ਹੈ।

ਗੀਤਕਾਰ ਗੁਰੀ ਮੱਟੂ ਜੀ ਨੇ ਇਹ ਗੀਤ ਲਿਖਿਆ ਹੈ। ਜਿਸ ਨੂੰ ਆਪਣੇ ਸੰਗੀਤ ਨਾਲ ਦ ਜੀਨੀਅਸ ਨੇ ਸਜਾਇਆ ਹੈ। ਡੀ ਓ ਪੀ ਤੇ ਐਡੀਟਿੰਗ ਯੋਗੀ ਨਾਹਰ ਨੇ ਤੇ ਨਿਰਦੇਸ਼ਨ ਵੀਡੀਓ ਡਾਇਰੈਕਟਰ ਭਰਾਨੀ ਬ੍ਰਦਰਜ਼ ਨੇ ਕੀਤਾ ਹੈ ਅਤੇ ਵੀਡੀਓ ਵਿੱਚ ਆਪਣੀ ਕਲਾਕਾਰੀ ਦਾ ਪ੍ਰਦਰਸ਼ਨ ਵਿੱਕੀ ਬੁਟਰ,ਸੰਜੇ ਭਰਾਨੀ, ਪੂਜਾ ਭੱਟੀ, ਗ੍ਰੇਸ ਕੌਰ , ਪ੍ਰੀਤ ਮੱਟੂ, ਡਿਪਟੀ ਤੇ ਜੋਬਨ ਰੰਧਾਵਾ ਨੇ ਨਿਰਦੇਸ਼ਕ ਭਰਾਨੀ ਬ੍ਰਦਰਜ਼ ਦੀ ਅਗਵਾਈ ਹੇਠ ਕੀਤਾ ਹੈ। ਮੇਕ ਅੱਪ ਪੂਜਾ ਭੱਟੀ ਮੇਕ ਓਵਰ ਨੇ ਕੀਤਾ ਹੈ।

ਪੋਸਟਰ ਡਿਜ਼ਾਇਨ ਰੋਹਿਤ ਨੇ ਕੀਤਾ ਹੈ।ਇਸ ਪ੍ਰੋਜੈਕਟ ਦੇ ਸਹਿ ਨਿਰਮਾਤਾ ਟੀ.ਪੀ. ਸਿੰਘ ਤੇ ਨਿਰਮਾਤਾ ਚਰਨਜੀਤ ਸਿੰਘ ਹਨ

ਰੋਜ਼ਾਨਾ ਲੋਕ ਬਾਣੀ
www.lokbani

# ਖੇਡਾਂ ਵਤਨ ਪੰਜਾਬ ਦੀਆਂ ਵਿੱਚ ਰਾਜੀਆ ਸਕੂਲ ਦੀ ਰਹੀ ਝੰਡੀ



ਬਰਨਾਲਾ, (ਲੋਕ ਬਾਣੀ): ਖੇਡਾਂ ਵਤਨ ਪੰਜਾਬ ਦੀਆਂ ਸੀਜਨ-3 ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਜੀਆ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਡੀ.ਪੀ.ਈ. ਗੁਰਚਰਨ ਸਿੰਘ ਬੇਦੀ ਨੇ ਦੱਸਿਆ ਕਿ ਕਬੱਡੀ ਨੈਸ਼ਨਲ ਸਟਾਈਲ ਵਿੱਚ ਲੜਕੀਆਂ ਨੇ ਅੰਡਰ 17 ਸਾਲ ਵਰਗ ਵਿੱਚ ਜ਼ਿਲ੍ਹੇ ਭਰ ਵਿੱਚੋਂ ਪਹਿਲਾ ਅਤੇ ਅੰਡਰ 17 ਸਾਲ ਲੜਕਿਆਂ ਨੇ ਦੂਜਾ, ਜਦਕਿ ਅੰਡਰ 21 ਸਾਲ ਲੜਕਿਆਂ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਗੁਰਪ੍ਰੀਤ ਸਿੰਘ (12ਵੀਂ) ਨੇ 400 ਮੀ. ਹਰਡਲਜ਼ ਰੇਸ ਵਿੱਚ ਪਹਿਲਾ, ਜਸਦੀਪ ਸਿੰਘ ਨੇ ਤਿਹਰੀ ਛਾਲ ਵਿੱਚ ਦੂਜਾ, ਮਨਜੋਤ ਸਿੰਘ ਨੇ ਹੈਮਰ ਥਰੋਅ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ ਹੈ। ਪਿੰਡ ਵਾਸੀਆਂ ਵੱਲੋਂ ਖਿਡਾਰੀਆਂ ਦੀ ਖੁਰਾਕ ਲਈ ਕੀਤੇ ਜਾਂਦੇ ਵਿਸ਼ੇਸ਼ ਉਪਰਾਲਿਆਂ ਤਹਿਤ ਕਲੱਬ ਪ੍ਰਧਾਨ ਰਾਮ ਸਿੰਘ ਨੇ 1100 ਰੁਪਏ, ਸੁਖਵਿੰਦਰ ਸਿੰਘ ਸਾਬਕਾ ਸਰਪੰਚ ਨੇ 1100 ਰੁਪਏ, ਗੋਬਿੰਦ ਸਿੰਘ ਨੇ 1100 ਰੁਪਏ, ਜਗਦੇਵ ਸਿੰਘ ਨੇ 1100 ਰੁਪਏ, ਬਲੌਰ ਸਿੰਘ ਨੇ 1500 ਰੁਪਏ ਅਤੇ ਰਾਮ ਸਿੰਘ ਨੇ 500 ਰੁਪਏ ਦੇ ਕੇ ਖਿਡਾਰੀਆਂ ਦੀ ਹੌਂਸਲਾ ਅਫਜ਼ਾਈ ਕੀਤੀ। ਜੇਤੂ ਖਿਡਾਰੀਆਂ ਦਾ ਸਕੂਲ ਮੁਖੀ ਅਤੇ ਸਕੂਲ ਮੈਨੇਜਮੈਂਟ ਕਮੇਟੀ ਅਤੇ ਯੂਥ ਵੈਲਫੇਅਰ ਕਲੱਬ ਰਾਜੀਆ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਕਰਵਾਏ ਗਏ ਸਨਮਾਨ ਸਮਾਰੋਹ ਦੌਰਾਨ ਸਟੇਜ ਸੰਚਾਲਨ ਰਣਜੀਤ ਕੌਰ ਵੱਲੋਂ ਕੀਤਾ ਗਿਆ। ਸਕੂਲ ਪ੍ਰਿੰਸੀਪਲ ਪ੍ਰਮਿੰਦਰ ਕੌਰ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਉਮੀਦ ਕੀਤੀ ਕਿ ਇਹ ਖਿਡਾਰੀ ਭਵਿੱਖ ਵਿੱਚ ਵੀ ਸ਼ਾਨਦਾਰ ਪ੍ਰਾਪਤੀਆਂ ਕਰਕੇ ਇਸ ਸਕੂਲ ਅਤੇ ਆਪਣੇ ਮਾਤਾ-ਪਿਤਾ ਦਾ ਨਾਮ ਰੌਸ਼ਨ ਕਰਦੇ ਰਹਿਣਗੇ। ਇਸ ਮੌਕੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਦੇ ਮਾਪੇ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ
www.lokbani

# ਏਕਨੂਰ ਸੇਵਾ ਟਰੱਸਟ ਵੱਲੋਂ ਪਿਛਲੇ 12 ਸਾਲਾਂ ਤੋਂ ਧਾਰਮਿਕ ਯਾਤਰਾ ਕਰਵਾਉਣਾ ਸਰਾਹਣਾਯੋਗ- ਸੁਰਿੰਦਰ ਦੁਗਲ

ਅੰਮ੍ਰਿਤਸਰ,(ਲੋਕ ਬਾਣੀ) ਰਾਸ਼ਟਰੀ ਨੌਜਵਾਨ ਸੋਸ਼ਲ ਐਂਡ ਸਪੋਰਟਸ ਸੁਸਾਇਟੀ ਦੇ ਧਾਰਮਿਕ ਯੂਨਿਟ ਏਕਨੂਰ ਸੇਵਾ ਟਰੱਸਟ ਵੱਲੋਂ ਚਲਾਈ ਜਾ ਰਹੀ ਮਾਸਿਕ ਬੱਸ ਯਾਤਰਾ ਦੇ 12 ਸਾਲ ਪੂਰੇ ਹੋਣ ਉਪਰੰਤ ਯਾਤਰਾ ਨੂੰ ਪੂਰੀ ਸ਼ਰਧਾ ਤੇ ਉਤਸਾਹ ਦੇ ਨਾਲ ਰਵਾਨਾ ਕੀਤਾ ਗਿਆ। ਖੁਸ਼ੀਆਂ ਦਾ ਇਜ਼ਹਾਰ ਕਰਦਿਆਂ ਸਾਰਿਆਂ ਦਾ ਲੱਡੂਆਂ ਨਾਲ ਮੂੰਹ ਮਿੱਠਾ ਕਰਦੇ ਹੋਏ ਬੱਸ ਨੂੰ ਰੰਗ ਬਰੰਗੇ ਫੁੱਲਾਂ ਦੀਆਂ ਲੜੀਆਂ ਅਤੇ ਗੁਬਾਰਿਆਂ ਦੇ ਨਾਲ ਦੁਲਹਨ ਦੀ ਤਰ੍ਹਾਂ ਸਜਾਇਆ ਵੀ ਗਿਆ। ਯਾਤਰਾ ਨੂੰ ਸ਼ੁਰੂ ਕਰਨ ਤੋਂ ਪਹਿਲਾਂ ਮਾਤਾ ਚਿੰਤਪੁਰਨੀ ਜੀ ਅਤੇ ਗੁਰੂ ਸਾਹਿਬਾਨਾਂ ਦਾ ਸ਼ੁਕਰਾਨਾ ਕਰਦੇ ਹੋਏ ਅਰਦਾਸਾਂ ਵੀ ਕੀਤੀਆਂ ਗਈਆਂ। ਸ੍ਰੀ ਦੁਰਗਾ ਮੰਦਿਰ ਤੋਂ ਪੰਡਿਤ ਮੋਹਿਤ ਨੇ ਸਫਲਤਾ ਪੂਰਵਕ ਯਾਤਰਾ ਦੇ 12 ਸਾਲ ਪੂਰੇ ਹੋਣ ਤੇ ਮੰਤਰ ਉਚਾਰਨ ਕਰਦਿਆਂ ਸ਼ੁਕਰਾਨਾ ਕੀਤਾ। ਬਾਬਾ ਦਰਸ਼ਨ ਸਿੰਘ ਜੀ ਵੱਲੋਂ ਆਸ਼ੀਰਵਾਦ ਸਦਕਾ ਲਗਾਤਾਰ ਯਾਤਰਾ ਜਾਰੀ ਰੱਖਣ ਦੀ ਕਾਮਨਾ ਕਰਦੇ ਸਰਬੱਤ ਦੇ ਭਲੇ ਦੀ ਅਰਦਾਸ ਵੀ ਕੀਤੀ ਗਈ।

ਆਲ ਇੰਡੀਆ ਕੈਮਿਸਟ ਐਸੋਸੀਏਸ਼ਨ ਦੇ ਪ੍ਰਧਾਨ ਸੁਰਿੰਦਰ ਦੁਗਲ ਅਤੇ ਸੰਸਥਾ ਦੇ ਸਮੂਹ ਅਹੁਦੇਦਾਰਾਂ ਵੱਲੋਂ ਯਾਤਰਾ ਦੇ 12 ਸਾਲ ਪੂਰੇ ਹੋਣ ਦੀ ਖੁਸ਼ੀ ਦਾ ਪ੍ਰਗਟਾਵਾ




ਕਰਦਿਆਂ 12 ਨਾਰੀਅਲ ਤੋੜ ਕੇ ਸਗੁਨ ਕਰਦਿਆਂ ਯਾਤਰਾ ਨੂੰ ਰਵਾਨਾ ਕੀਤਾ ਗਿਆ। ਮੁੱਖ ਮਹਿਮਾਨ ਸੁਰਿੰਦਰ ਦੁੱਗਲ ਨੇ ਸੰਸਥਾ ਦੇ ਅਹੁਦੇਦਾਰਾਂ ਨੂੰ ਸ਼ੁਭਕਾਮਨਾਵਾਂ ਭੇਟ ਕਰਦੇ ਹੋਏ ਕਿਹਾ ਕਿ ਲਗਾਤਾਰ 12 ਸਾਲਾਂ ਤੋਂ ਸੰਗਤਾਂ ਨੂੰ ਮੰਦਿਰ ਮਾਤਾ ਚਿੰਤਪੁਰਨੀ ਸਮੇਤ ਵੱਖ ਵੱਖ ਗੁਰਦੁਆਰਿਆਂ ਤੇ ਹੋਰ ਧਾਰਮਿਕ ਸੰਸਥਾਵਾਂ ਦੇ ਦਰਸ਼ਨ ਕਰਵਾਉਣ ਦੇ ਨਾਲ ਹਰ ਸਮਾਜਿਕ ਕੰਮਾਂ ਦੇ ਵਿੱਚ ਵੱਧ ਚੜ ਕੇ ਸਹਿਯੋਗ ਦੇਣਾ ਸਰਾਣਾਯੋਗ ਕੰਮ ਹਨ। ਅਜਿਹੀਆਂ ਸੰਸਥਾਵਾਂ ਦੇਸ਼ ਵਾਸੀਆਂ ਲਈ ਇੱਕ ਮਿਸਾਲ ਹਨ। ਸਾਨੂੰ ਸਾਰਿਆਂ ਨੂੰ ਅਜਿਹੀਆਂ ਸੰਸਥਾਵਾਂ ਤੋਂ ਸੇਧ ਲੈਂਦੇ ਹੋਏ ਸਮਾਜਿਕ ਕੰਮਾਂ ਵਿੱਚ ਵੱਧ ਚੜ ਕੇ ਯੋਗਦਾਨ ਦੇਣਾ ਚਾਹੀਦਾ ਹੈ। ਸੰਸਥਾ ਦੇ ਪ੍ਰਧਾਨ ਅਰਵਿੰਦਰ ਵੜੈਚ ਨੇ ਕਿਹਾ ਕਿ ਯਾਤਰਾ ਦੇ ਦੌਰਾਨ ਸੰਗਤਾਂ ਨੂੰ ਡੇਰਾ ਰਾਧਾ ਸੁਆਮੀ ਬਾਬਾ ਬੱਗਾ ਸਿੰਘ ਜੀ ਤਰਨ ਤਾਰਨ, ਗੁਰਦੁਆਰਾ ਦਰਬਾਰ ਸਾਹਿਬ ਤਰਨ ਤਾਰਨ,ਗੁਰਦੁਆਰਾ ਸਾਬੋ ਸ਼ਹੀਦ ਖੇਮਕਰਨ, ਗੁਰਦੁਆਰਾ ਸ਼ਹੀਦ ਬਾਬਾ ਬੀਰ ਸਿੰਘ ਜੀ,ਗੁਰਦੁਆਰਾ ਝਾੜ ਸਾਹਿਬ,ਗੁਰਦੁਆਰਾ ਬਾਬਾ ਦੀਪ ਸਿੰਘ ਜੀ ਪਹੂਵਿੰਡ ਦੇ ਦਰਸ਼ਨ ਕਰਵਾਏ ਗਏ। ਅਕਤੂਬਰ ਮਹੀਨੇ ਦੀ ਬੱਸ ਯਾਤਰਾ ਦੇ ਦੌਰਾਨ ਮੰਦਿਰ ਮਾਤਾ ਚਿੰਤਪੁਰਨੀ ਅਤੇ ਮੰਦਿਰ ਮਾਤਾ ਬੰਗਲਾ ਮੁਖੀ ਦੇ ਦਰਸ਼ਨ ਕਰਵਾਏ ਜਾਣਗੇ। ਯਾਤਰਾ ਦੇ ਦੌਰਾਨ ਧਾਰਮਿਕ ਗਾਇਕ ਸੰਨੀ ਸਿੰਘ,ਜਗਦੀਸ਼ ਰਾਜ,ਲਵਲੀਨ ਵੜੈਚ,ਆਸ਼ਾ ਰਾਣੀ,ਬੀਬੀ ਅਵਿਨਾਸ਼ ਅਤੇ ਹੋਰ ਸੰਗਤਾਂ ਵੱਲੋਂ ਗੁਰੂ ਜਸ ਗਾਇਨ ਕਰਦਿਆਂ ਸੰਗਤਾਂ ਨੂੰ ਗੁਰੂ ਚਰਨਾਂ ਦੇ ਨਾਲ ਜੋੜਿਆ ਗਿਆ। ਯਾਤਰਾ ਦੇ ਦੌਰਾਨ ਅਹੁਦੇਦਾਰਾਂ ਤੇ ਸ਼ਰਧਾਲੂਆਂ ਦਾ ਸਨਮਾਨ ਵੀ ਕੀਤਾ ਗਿਆ।

ਰਵਾਨਗੀ ਦੇ ਸਮੇਂ ਬਲਬੀਰ ਭਸੀਨ,ਜਤਿੰਦਰ ਅਰੋੜਾ,ਰਾਜੇਸ਼ ਸਿੰਘ ਜੋੜਾ,ਡਾ.ਨਰਿੰਦਰ ਕੁਮਾਰ ਚਾਵਲਾ,ਅਰਜੁਨ ਮਦਾਨ, ਲਵਲੀਨ ਵੜੈਚ,ਆਸ਼ਾ ਰਾਣੀ, ਰਮੇਸ਼ ਚੋਪੜਾ,ਕਮਲ ਸ਼ਰਮਾ, ਬਲਵਿੰਦਰ ਸਿੰਘ ਤੁੰਗ, ਰਜਿੰਦਰ ਸਿੰਘ ਧਾਨਿਕ, ਵਿਨੇ ਅਰੋੜਾ,ਸੁਦਰਸ਼ਨ ਸ਼ਰਮਾ, ਅਮਿਤ ਸ਼ਰਮਾ,ਸੰਦੀਪ ਸ਼ਰਮਾ, ਧੀਰਜ ਭਾਸਕਰ ਉਚੇਚੇ ਤੌਰ ਤੇ ਮੌਜੂਦ ਸਨ। ਇਹਨਾਂ ਤੋਂ ਇਲਾਵਾ ਸੁਸ਼ੀਲ ਸ਼ਰਮਾ, ਅਮਨ ਭਨੋਟ,ਰੰਜਨ ਸ਼ਰਮਾ, ਧੀਰਜ ਮਲਹੋਤਰਾ,ਰਾਮ ਸਿੰਘ ਪੰਵਾਰ,ਲਲਿਤ ਮਲਹੋਤਰਾ, ਹਰਮਿੰਦਰ ਸਿੰਘ ਉਪਲ, ਜਤਿੰਦਰ ਕੁਮਾਰ ਨੰਨੂ,ਦੀਪਕ ਸਬਰਵਾਲ,ਅਮਨਦੀਪ ਸਿੰਘ ਸਾਬਾ,ਕਾਬਲ ਸਾਊਂਡ ਵਾਲੇ ਨਵ ਜੀ,ਖੁਸ਼ੀ,ਗੋਪਾਲ,ਸਾਹਿਲ ਦੱਤਾ,ਬਾਓ ਸਿੰਘ,ਸਰੋਜ ਬਾਲਾ ਇੰਦਰਾ,ਅਵਿਨਾਸ਼ ਵੱਲੋਂ ਵੀ ਆਪਣੀਆਂ ਸੇਵਾਵਾਂ ਭੇਟ ਕੀਤੀਆਂ ਗਈਆਂ।

ਰੋਜ਼ਾਨਾ ਲੋਕ ਬਾਣੀ
www.lokbani

# ਰਾਜੀਵ ਅਨੇਜਾ ਭਾਰਤੀਯ ਵਪਾਰ ਮੰਡਲ ਦੇ ਪੰਜਾਬ ਬਣੇ ਪ੍ਰਧਾਨ



ਅੰਮ੍ਰਿਤਸਰ (ਲੋਕ ਬਾਣੀ)– ਪਿਛਲੇ ਲੰਮੇਂ ਸਮੇਂ ਤੋਂ ਵਪਾਰੀਆਂ ਦੇ ਹਿੱਤਾਂ ਲਈ ਕੰਮ ਕਰਦੇ ਆ ਰਹੇ ਰਾਜੀਵ ਅਨੇਜਾ ਨੂੰ ਭਾਰਤੀਯ ਵਪਾਰ ਮੰਡਲ (ਰਜਿ) ਦੇ ਰਾਸ਼ਟਰੀ ਪ੍ਰਧਾਨ ਅੰਕੁਰ ਸਿੰਗਲ ਦੇ ਨਿਰਦੇਸ਼ਾਂ ਤੇ ਰਾਸ਼ਟਰੀ ਮੰਤਰੀ ਦਿਨੇਸ਼ ਗੁਪਤਾ ਵਲੋਂ ਪੰਜਾਬ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਰਾਜੀਵ ਅਨੇਜਾ ਨੇ ਭਾਰਤੀਯ ਵਪਾਰ ਮੰਡਲ (ਰਜਿ) ਦੇ ਰਾਸ਼ਟਰੀ ਪ੍ਰਧਾਨ ਅੰਕੁਰ ਸਿੰਗਲ ਤੇ ਰਾਸ਼ਟਰੀ ਮੰਤਰੀ ਦਿਨੇਸ਼ ਗੁਪਤਾ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਜੋ ਸੇਵਾ ਉਨ੍ਹਾਂ ਨੂੰ ਸੋਂਪੀ ਗਈ ਹੈ ਪੁਰੀ ਇਮਾਨਦਾਰੀ ਨਾਲ ਨਿਭਾਉਂਦੇ ਹੋਏ ਵਪਾਰੀਆਂ ਦੀਆਂ ਮੁਸ਼ਕਿਲਾਂ ਨੂੰ ਪਹਿਲ ਦੇ ਅਧਾਰ ਤੇ ਹੱਲ ਕਰਵਾਉਣ ਦੇ ਯਤਨ ਕਰਨਗੇ।

ਰੋਜ਼ਾਨਾ ਲੋਕ ਬਾਣੀ
www.lokbani

# ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢਣ ਲਈ ਹਰ ਪਿੰਡ ਵਿੱਚ ਅਜਿਹੇ ਟੂਰਨਾਮੈਂਟ ਕਰਵਾਉਣੇ ਬਹੁਤ ਜ਼ਰੂਰੀ : ਜੋਗਿੰਦਰ ਪਾਲ



ਦੀਨਾਨਗਰ , (ਡਾ.ਰਮੇਸ਼ ਸਰੰਗਲ ):- ਯੂਥ ਕਲੱਬ ਕਥਲੌਰ ਵੱਲੋਂ ਸਰਪੰਚ ਜਗਮੋਹਨ ਸਿੰਘ ਡਿੰਪੀ ਦੀ ਪ੍ਰਧਾਨਗੀ ਹੇਠ ਵਾਲੀਬਾਲ ਟੂਰਨਾਮੈਂਟ ਕਰਵਾਇਆ ਗਿਆ । ਜਿਸ ਵਿਚ ਮੁੱਖ ਮਹਿਮਾਨ ਵਜੋਂ ਸਾਬਕਾ ਵਿਧਾਇਕ ਜੋਗਿੰਦਰ ਪਾਲ ਅਤੇ ਵਿਸ਼ੇਸ਼ ਮਹਿਮਾਨ ਵਜੋਂ ਹੈੱਡ ਮਾਸਟਰ ਅਜੇ ਮਹਾਜਨ ਅਤੇ ਧਰਮ ਜਾਗਰਣ ਮੰਚ ਦੇ ਵਿਭਾਗ ਸੰਯੋਜਕ ਰਿੰਪੀ ਸੂਰੀ ਨੇ ਸ਼ਿਰਕਤ ਕੀਤੀ, ਜਿਨ੍ਹਾਂ ਦਾ ਕਲੱਬ ਦੇ ਅਹੁੱਦੇਦਾਰਾ ਤੇ ਮੈਂਬਰਾਂ ਵੱਲੋਂ ਗੁਲਦਸਤੇ ਭੇਂਟ ਕਰਕੇ ਸ਼ਾਨਦਾਰ ਸਵਾਗਤ ਕੀਤਾ ਗਿਆ । ਇਸ ਤੋਂ ਬਾਅਦ ਮਹਿਮਾਨ ਸਾਬਕਾ ਵਿਧਾਇਕ ਜੋਗਿੰਦਰ ਪਾਲ, ਅਜੇ ਮਹਾਜਨ, ਰਿੰਪੀ ਸੂਰੀ ਨੇ ਖਿਡਾਰੀਆਂ ਨਾਲ ਜਾਣ-ਪਛਾਣ ਕਰਕੇ ਅਤੇ ਰੀਬਨ ਕੱਟ ਕੇ ਵਾਲੀਬਾਲ ਟੂਰਨਾਮੈਂਟ ਦਾ ਉਦਘਾਟਨ ਕੀਤਾ । ਇਸ ਮੌਕੇ ਵਾਲੀਬਾਲ ਟੂਰਨਾਮੈਂਟ ਵਿੱਚ ਵੱਖ-ਵੱਖ ਖੇਤਰਾਂ ਦੀਆਂ ਕੁੱਲ 20 ਟੀਮਾਂ ਨੇ ਭਾਗ ਲਿਆ ਅਤੇ ਆਪਣੇ ਜੌਹਰ ਦਿਖਾਏ । ਟੂਰਨਾਮੈਂਟ ਦਾ ਪਹਿਲਾ ਸੈਮੀਫਾਈਨਲ ਮੈਚ ਮਦਰਾਸ ਅਤੇ ਅੰਮ੍ਰਿਤਸਰ ਦੀਆਂ ਟੀਮਾਂ ਵਿਚਕਾਰ ਹੋਇਆ । ਜਿਸ ਵਿੱਚ ਮਦਰਾਸ ਦੀ ਜਿੱਤ ਹੋਈ । ਦੂਜਾ ਸੈਮੀਫਾਈਨਲ ਮੈਚ ਕਥਲੌਰ ਅਤੇ ਮਨਵਾਲ ਦੀਆਂ ਟੀਮਾਂ ਵਿਚਕਾਰ ਹੋਇਆ, ਜਿਸ ਵਿੱਚ ਕਥਲੌਰ ਦੀ ਟੀਮ ਨੇ ਜਿੱਤ ਦਰਜ ਕਰਕੇ ਫਾਈਨਲ ਵਿੱਚ ਥਾਂ ਬਣਾਈ । ਇਸ ਤੋਂ ਬਾਅਦ ਕਲੱਬ ਵੱਲੋਂ ਮਦਰਾਸ ਅਤੇ ਕਥਲੌਰ ਦੀਆਂ ਟੀਮਾਂ ਵਿਚਕਾਰ ਫਾਈਨਲ ਮੈਚ ਕਰਵਾਇਆ ਗਿਆ, ਜੋ ਕਾਫੀ ਰੋਮਾਂਚਕ ਰਿਹਾ । ਇਸ ਮੌਕੇ ਕਥਲੌਰ ਦੀ ਟੀਮ ਨੇ ਮਦਰਾਸ ਨੂੰ ਪਹਿਲੇ ਸੈੱਟ ਵਿੱਚ 25-23 ਅਤੇ ਦੂਜੇ ਸੈੱਟ ਵਿੱਚ 26-24 ਨਾਲ ਹਰਾ ਕੇ ਟੂਰਨਾਮੈਂਟ ਦੀ ਟਰਾਫੀ ਤੇ ਕਬਜ਼ਾ ਕੀਤਾ । ਇਸ ਮੌਕੇ ਕਲੱਬ ਮੈਂਬਰਾਂ ਵੱਲੋਂ ਜੇਤੂ ਟੀਮ ਕਥਲੌਰ ਨੂੰ 15,000 ਰੁਪਏ ਨਕਦ ਅਤੇ ਟਰਾਫੀ ਅਤੇ ਉਪ ਜੇਤੂ ਮਦਰਾਸ ਟੀਮ ਨੂੰ 11,000 ਰੁਪਏ ਨਕਦ ਅਤੇ ਟਰਾਫੀ ਦੇ ਕੇ ਸਨਮਾਨਿਤ ਕੀਤਾ ਗਿਆ । ਟੂਰਨਾਮੈਂਟ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਵੀ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ । ਇਸ ਮੌਕੇ ਮੁੱਖ ਮਹਿਮਾਨ ਸਾਬਕਾ ਵਿਧਾਇਕ ਜੋਗਿੰਦਰ ਪਾਲ, ਹੈੱਡਟੀਚਰ ਅਜੈ ਮਹਾਜਨ ਅਤੇ ਰਿੰਪੀ ਸੂਰੀ ਨੇ ਕਿਹਾ ਕਿ ਦੇਸ਼ ਦਾ ਭਵਿੱਖ ਕਹਾਉਣ ਵਾਲੇ ਨੌਜਵਾਨ ਅੱਜ ਜਿਸ ਤਰ੍ਹਾਂ ਨਸ਼ਿਆਂ ਦੀ ਦਲਦਲ ਵਿੱਚ ਧਸਦੇ ਜਾ ਰਹੇ ਹਨ, ਉਹ ਸਾਡੇ ਸਮਾਜ ਲਈ ਚਿੰਤਾ ਦਾ ਵਿਸ਼ਾ ਹੈ । ਉਨ੍ਹਾਂ ਕਿਹਾ ਕਿ ਅੱਜ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਬਾਹਰ ਕੱਢਣ ਲਈ ਹਰੇਕ ਪਿੰਡ ਵਿੱਚ ਅਜਿਹੇ ਟੂਰਨਾਮੈਂਟ ਕਰਵਾਉਣੇ ਬਹੁਤ ਜ਼ਰੂਰੀ ਹੋ ਗਏ ਹਨ, ਤਾਂ ਜੋ ਸਾਡੀ ਨੌਜਵਾਨ ਪੀੜ੍ਹੀ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈ ਕੇ ਆਪਣਾ ਭਵਿੱਖ ਉਜਵਲ ਬਣਾ ਸੱਕਣ । ਇਸ ਦੇ ਨਾਲ ਹੀ ਉਨ੍ਹਾਂ ਯੂਥ ਕਲੱਬ ਕਥਲੌਰ ਦੇ ਮੈਂਬਰਾਂ ਵੱਲੋਂ ਉਕਤ ਟੂਰਨਾਮੈਂਟ ਕਰਵਾਏ ਜਾਣ ਦੀ ਸ਼ਲਾਘਾ ਕਰਦਿਆਂ ਕਲੱਬ ਨੂੰ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ । ਉਪਰੰਤ ਯੂਥ ਕਲੱਬ ਕਥਲੌਰ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ । ਇਸ ਮੌਕੇ ਸਰਪੰਚ ਜਗਮੋਹਨ ਸਿੰਘ ਡਿੰਪੀ, ਛੋਟੂ ਪ੍ਰਧਾਨ, ਰੌਕੀ ਠਾਕੁਰ ਸ਼ਾਦੀਪੁਰ, ਪੰਕਜ ਠਾਕੁਰ ਪੰਕੂ ਝੇਲਾ, ਰੋਹਿਤ ਸ਼ਰਮਾ, ਰਾਕੇਸ਼, ਵੰਸ਼ ਸੈਣੀ, ਮੁਨੀਸ਼ ਸੈਣੀ, ਨਵੀਨ, ਸੰਜੂ, ਦਕਸ਼, ਸੰਦੀਪ, ਮੈਗੀ, ਰਜਤ, ਮਾਨਸ, ਲੱਡੂ, ਆਪ ਪਾਰਟੀ ਦੇ ਆਗੂ ਵਿੱਕੀ ਸਿਹੋੜਾ, ਕੁਲਦੀਪ ਸਿੰਘ, ਠਾਕੁਰ ਚੰਦਰਦੇਵ ਸਿੰਘ, ਸੰਮਤੀ ਮੈਂਬਰ ਮੈਂਬਰ ਰੋਮੀ ਸੈਣੀ ਆਦਿ ਹਾਜ਼ਰ ਸਨ ।

ਰੋਜ਼ਾਨਾ ਲੋਕ ਬਾਣੀ
www.lokbani

# ਡਾਕਟਰ ਬੀ.ਡੀ. ਸਚਦੇਵਾ ਮੈਮੋਰੀਅਲ ਵੈਲਫੇਅਰ ਸੋਸਾਇਟੀ ਦੇ ਮੈਂਬਰ ਧੀਰਜ ਕੁਮਾਰ ਦਾ ਜਨਮਦਿਨ ਮਨਾਇਆ ਗਿਆ

(ਲੋਕ ਬਾਣੀ) ਸਮਾਜਸੇਵੀ ਸੰਗਠਨ ਡਾਕਟਰ ਬੀ.ਡੀ. ਸਚਦੇਵਾ ਮੈਮੋਰੀਅਲ ਵੈਲਫੇਅਰ ਸੋਸਾਇਟੀ ਦੇ ਮੀਡੀਆ ਇੰਚਾਰਜ ਧੀਰਜ ਕੁਮਾਰ (ਸੱਨੀ ਦੂਮੜਾ) ਦੇ ਜਨਮਦਿਨ ਦੇ ਮੌਕੇ ਤੇ ਅਤੇ ਸੋਸਾਇਟੀ ਨੂੰ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾ ਦੁਆਰਾ ਰਤਨ ਪੰਜਾਬ ਦੇ ਐਵਾਰਡ ਮਿਲਣ ਤੇ ਸੋਸਾਇਟੀ ਵੱਲੋਂ ਰਾਬਿਨ ਹੁੱਡ ਅਕਾਦਮੀ ਪਹੁੰਚ ਕੇ ਬੱਚਿਆਂ ਨਾਲ ਕੇਕ ਕੱਟ ਕੇ ਖੁਸ਼ੀ ਸਾਂਝੀ ਕੀਤੀ ਗਈ। ਇਸ ਮੌਕੇ ਤੇ ਸੋਸਾਇਟੀ ਵੱਲੋਂ ਰਾਬਿਨ ਹੁੱਡ ਅਕਾਦਮੀ ਦੇ 50 ਤੋਂ ਵੱਧ ਬੱਚਿਆਂ ਨੂੰ ਪੈਨ, ਕਾਪੀਆਂ, ਜਿਓਮੈਟਰੀ ਬਾਕਸ, ਪੀਣ ਦੇ ਪਾਣੀ ਦੀਆਂ ਬੋਤਲਾਂ ਅਤੇ ਰਿਫ੍ਰੈਸ਼ਮੈਂਟ ਵੰਡੇ ਗਏ। ਇਸ ਦਾ ਮੁੱਖ ਮਕਸਦ ਬੱਚਿਆਂ ਵਿੱਚ ਸਿੱਖਿਆ ਪ੍ਰਤੀ ਉਤਸ਼ਾਹ ਵਧਾਉਣਾ ਅਤੇ ਸਮਾਜਿਕ ਭਲਾਈ ਲਈ ਯੋਗਦਾਨ ਪਾਉਣਾ ਸੀ।

ਇਸ ਮੌਕੇ ਤੇ ਡਾਕਟਰ ਬੀ.ਡੀ. ਸਚਦੇਵਾ ਮੈਮੋਰੀਅਲ ਵੈਲਫੇਅਰ ਸੋਸਾਇਟੀ ਦੇ ਚੇਅਰਮੈਨ ਅਜੈ ਸਚਦੇਵਾ (ਬੰਟੀ), ਪ੍ਰਧਾਨ ਰੋਬਿਨ ਢੀਂਗੜਾ, ਜਨਰਲ ਸਕੱਤਰ ਪੂਜਾ ਲੂਥਰਾ ਸਚਦੇਵਾ, ਉਪ ਚੇਅਰਮੈਨ ਅਰੁਣ ਗਗਨੇਜਾ, ਸੀਨੀਅਰ ਉਪ ਚੇਅਰਮੈਨ ਬਖ਼ਸ਼ੀਸ਼ ਸਿੰਘ (ਹੈਪੀ), ਉਪ ਪ੍ਰਧਾਨ ਰਾਜਵੀਰ, ਗਾਰਗੀ ਖੋਸਲਾ, ਰਜਤ ਸ਼ਰਮਾ, ਸੰਯੁਕਤ ਸਕੱਤਰ ਸੰਦੀਪ ਕੌਰ, ਜਸਵੀਰ ਕੌਰ, ਮੀਡੀਆ ਇੰਚਾਰਜ ਸੰਜੀਵ ਗਿਲਹੋਤਰਾ (ਸੰਜੂ), ਸੀਨੀਅਰ ਪੱਤਰਕਾਰ



ਅਮ੍ਰਿਤ ਸਚਦੇਵਾ, ਰਾਜਨ ਕੁੱਕੜ ਅਤੇ ਸਲਾਹਕਾਰ ਪਵਨ ਭੱਲਾ ਨੇ ਸੋਸਾਇਟੀ ਦੇ ਮੀਡੀਆ ਇੰਚਾਰਜ ਧੀਰਜ ਕੁਮਾਰ (ਸੱਨੀ ਦੂਮੜਾ) ਨੂੰ ਜਨਮਦਿਨ ਦੀਆਂ ਵਧਾਈਆਂ ਦਿੱਤੀਆਂ ਅਤੇ ਉਨ੍ਹਾਂ ਦੀ ਲੰਮੀ ਉਮਰ ਅਤੇ ਖੁਸ਼ਹਾਲ ਜੀਵਨ ਦੀ ਕਾਮਨਾ ਕੀਤੀ।ਇਸ ਮੌਕੇ ਤੇ ਸੋਸਾਇਟੀ ਦੇ ਚੇਅਰਮੈਨ ਅਜੈ ਸਚਦੇਵਾ (ਬੰਟੀ) ਅਤੇ ਜਨਰਲ ਸਕੱਤਰ ਪੂਜਾ ਲੂਥਰਾ ਸਚਦੇਵਾ ਨੇ ਸੋਸਾਇਟੀ ਦੇ ਮੀਡੀਆ ਇੰਚਾਰਜ ਧੀਰਜ ਕੁਮਾਰ (ਸੱਨੀ ਦੂਮੜਾ) ਨੂੰ ਜਨਮਦਿਨ ਦੀ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਸੱਨੀ ਦੂਮੜਾ ਸਿਰਫ ਇੱਕ ਪੱਤਰਕਾਰ ਹੀ ਨਹੀਂ, ਸਗੋਂ ਸਮਾਜ ਦੇ ਇੱਕ ਸੱਚੇ ਸੇਵਕ ਵੀ ਹਨ, ਜੋ ਹਮੇਸ਼ਾ ਸੱਚਾਈ ਨੂੰ ਸਾਹਮਣੇ ਲਿਆਉਣ ਵਿੱਚ ਅਗਰਸਰ ਰਹਿੰਦੇ ਹਨ। ਉਨ੍ਹਾਂ ਆਮ ਲੋਕਾਂ ਤੱਕ ਸੱਚਾਈ ਪਹੁੰਚਾਉਣ ਅਤੇ ਮੀਡੀਆ ਦੇ ਜ਼ਰੀਏ ਲੋਕਾਂ ਦੀਆਂ ਆਵਾਜ਼ਾਂ ਬਣਨ ਲਈ ਸੱਨੀ ਦੂਮੜਾ ਦੇ ਯੋਗਦਾਨ ਦੀ ਸ਼ਲਾਘਾ ਕੀਤੀ। ਇਸ ਮੌਕੇ ਤੇ ਉਨ੍ਹਾਂ ਨੇ ਸੋਸਾਇਟੀ ਨੂੰ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾ ਦੁਆਰਾ ਰਤਨ ਪੰਜਾਬ ਦੇ ਐਵਾਰਡ ਮਿਲਣ ਤੇ ਸੋਸਾਇਟੀ ਦੇ ਅਧਿਕਾਰੀਆਂ ਅਤੇ ਮੈਂਬਰਾਂ ਨਾਲ ਖੁਸ਼ੀ ਸਾਂਝੀ ਕੀਤੀ। ਉਨ੍ਹਾਂ ਸੋਸਾਇਟੀ ਦੇ ਮੈਂਬਰਾਂ ਵੱਲੋਂ ਸਮੇਂ-ਸਮੇਂ ਤੇ ਦਿੱਤੇ ਯੋਗਦਾਨ ਦੀ ਪ੍ਰਸ਼ੰਸਾ ਕੀਤੀ। ਅੰਤ ਵਿੱਚ, ਧੀਰਜ ਕੁਮਾਰ (ਸੱਨੀ ਦੂਮੜਾ) ਨੇ ਡਾਕਟਰ ਬੀ.ਡੀ. ਸਚਦੇਵਾ ਮੈਮੋਰੀਅਲ ਵੈਲਫੇਅਰ ਸੋਸਾਇਟੀ ਦੇ ਸਾਰੇ ਅਧਿਕਾਰੀਆਂ ਅਤੇ ਮੈਂਬਰਾਂ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਉਨ੍ਹਾਂ ਦਾ ਜਨਮਦਿਨ ਯਾਦਗਾਰ ਬਣਾਇਆ।

ਰੋਜ਼ਾਨਾ ਲੋਕ ਬਾਣੀ
www.lokbani

# ਐਸਸੀਡੀ ਦੇ ਹਿੰਦੀ ਵਿਭਾਗ ਵੱਲੋਂ ਸੁਆਗਤ ਸਮਾਰੋਹ ਦਾ ਆਯੋਜਨ ਕੀਤਾ ਗਿਆ




ਲੁਧਿਆਣਾ( ਸੁਖਚੈਨ ਮਹਿਰਾ, ਵਰਿੰਦਰ ਪ੍ਰਕਾਸ਼ ਭਾਂਬਰੀ)ਸਤੀਸ਼ ਚੰਦਰ ਧਵਨ ਸਰਕਾਰੀ ਕਾਲਜ ਦੇ ਪੋਸਟ ਗ੍ਰੈਜੂਏਟ ਹਿੰਦੀ ਵਿਭਾਗ ਵੱਲੋਂ ਐਮ. ਏ.ਪਹਿਲੇ ਸਾਲ ਦੇ ਵਿਦਿਆਰਥੀਆਂ ਲਈ ਰਾਸ਼ਟਰੀ ਕਵੀ ਰਾਮਧਾਰੀ ਸਿੰਘ ਦਿਨਕਰ ਦੇ ਜਨਮ ਦਿਨ ਮੌਕੇ ਸਵਾਗਤੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਵੱਲੋਂ ਸਾਹਿਤਕ, ਅਕਾਦਮਿਕ ਅਤੇ ਸੱਭਿਆਚਾਰਕ ਗਤੀਵਿਧੀਆਂ ਕੀਤੀਆਂ ਗਈਆਂ। ਪ੍ਰੋਗਰਾਮ ਦੀ ਸ਼ੁਰੂਆਤ ਮਾਂ ਸ਼ਾਰਦਾ ਅਤੇ ਰਾਸ਼ਟਰੀ ਕਵੀ ਰਾਮਧਾਰੀ ਸਿੰਘ ਦਿਨਕਰ ਦੇ ਪ੍ਰਤਿਮਾ ਅੱਗੇ ਦੀਪ ਜਲਾ ਕੇ ਅਤੇ ਸ਼ਰਧਾ ਦੇ ਫੁੱਲ ਭੇਟ ਕਰਕੇ ਕੀਤੀ ਗਈ। ਇਸ ਤੋਂ ਬਾਅਦ ਐਮ ਏ ਦੂਜੇ ਸਾਲ ਦੇ ਵਿਦਿਆਰਥੀ ਰਾਜਦੀਪ ਵੱਲੋਂ ਸਰਸਵਤੀ ਵੰਦਨਾ ਪੇਸ਼ ਕੀਤੀ ਗਈ ਅਤੇ ਰਿਚਾ ਵੱਲੋਂ ਦੇਵਸਤੂਤੀ ਨਾਲ ਸਬੰਧਤ ਕਲਾਸੀਕਲ ਡਾਂਸ ਪੇਸ਼ ਕੀਤਾ ਗਿਆ। ਇਸ ਉਪਰੰਤ ਵਿਦਿਆਰਥੀਆਂ ਵੱਲੋਂ ਮਾਡਲਿੰਗ, ਗਰੁੱਪ ਡਾਂਸ, ਕਵਿਤਾ ਉਚਾਰਨ, ਗੀਤ ਆਦਿ ਪੇਸ਼ ਕੀਤੇ ਗਏ। ਵਿਭਾਗ ਵੱਲੋਂ ਯੂਨੀਵਰਸਿਟੀ ਦੇ ਪਿਛਲੇ ਸਾਲ ਦੇ ਇਮਤਿਹਾਨ ਵਿੱਚ ਟਾਪਰ ਰਹੇ ਪੁਸ਼ਪਾ ਦੇਵੀ ਅਤੇ ਕੰਚਨ ਜੋਸ਼ੀ ਨੂੰ ਸਨਮਾਨਿਤ ਕੀਤਾ ਗਿਆ। ਇਸ ਤੋਂ ਬਾਅਦ ਹਿੰਦੀ ਸਾਹਿਤ ਪ੍ਰੀਸ਼ਦ ਦੇ ਸਾਰੇ ਮੈਂਬਰਾਂ ਨੂੰ ਸੈਸ਼ੇ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਸੈਸ਼ਨ 2024-25 ਦੀ ਜ਼ਿੰਮੇਵਾਰੀ ਸੌਂਪੀ ਗਈ, ਜਿਸ ਵਿਚ ਰੇਣੂ ਨੂੰ ਪ੍ਰਧਾਨ ਅਤੇ ਰਾਹੁਲ ਨੂੰ ਉਪ ਪ੍ਰਧਾਨ ਦੀ ਜ਼ਿੰਮੇਵਾਰੀ ਦਿੱਤੀ ਗਈ। ਇਸੇ ਤਰ੍ਹਾਂ ਕੌਂਸਲ ਦੀਆਂ ਹੋਰ ਜ਼ਿੰਮੇਵਾਰੀਆਂ ਆਫਰੀਨ, ਰਾਜਦੀਪ ਕੌਰ, ਕੰਚਨ ਜੋਸ਼ੀ, ਹਿਨਾ ਕੁਮਾਰੀ, ਸਪਨਾ, ਕੋਮਲ, ਪ੍ਰਿਅੰਕਾ, ਤਾਨਿਆ ਅਤੇ ਅਰੁਣ ਨੂੰ ਸੌਂਪੀਆਂ ਗਈਆਂ। ਮਾਡਲਿੰਗ ਵਿੱਚ ਐਮ ਏ ਪਹਿਲੇ ਸਾਲ ਦੇ ਵਿਦਿਆਰਥੀ ਅਜੈ ਨੂੰ ਮਿਸਟਰ ਫਰੈਸ਼ਰ ਅਤੇ ਸੁਖਮਨ ਨੂੰ ਮਿਸ ਫਰੈਸ਼ਰ ਐਲਾਨਿਆ ਗਿਆ। ਇਸ ਮੌਕੇ ਡੀ.ਡੀ.ਓ ਮੈਡਮ ਪ੍ਰਿੰਸੀਪਲ ਸੁਮਨ ਲਤਾ, ਵਿਭਾਗ ਦੀ ਚੇਅਰਪਰਸਨ ਪ੍ਰੋ: ਨਿਸ਼ੀ ਅਰੋੜਾ, ਸੈਨੇਟਰ ਡਾ: ਮੁਕੇਸ਼ ਅਰੋੜਾ, ਡਾ: ਮੋਨਿਕਾ ਜੈਨ, ਡਾ: ਸੌਰਭ ਕੁਮਾਰ, ਡਾ: ਸੋਨਦੀਪ, ਪ੍ਰੋ: ਇੰਦਰਜੀਤ ਪਾਸਵਾਨ ਅਤੇ ਡਾ: ਮੁਕੇਸ਼ ਕੁਮਾਰ ਆਦਿ ਹਾਜ਼ਰ ਸਨ । ਸਮਾਗਮ ਵਿੱਚ ਸੰਸਕ੍ਰਿਤ ਵਿਭਾਗ ਨੇ ਹਾਜ਼ਰੀ ਭਰੀ ਅਤੇ ਸਮਾਗਮ ਦਾ ਆਨੰਦ ਮਾਣਿਆ।ਸਮੇਂ-ਸਮੇਂ ਤੇ ਦਿੱਤੇ ਯੋਗਦਾਨ ਦੀ ਪ੍ਰਸ਼ੰਸਾ ਕੀਤੀ। ਅੰਤ ਵਿੱਚ, ਧੀਰਜ ਕੁਮਾਰ (ਸੱਨੀ ਦੂਮੜਾ) ਨੇ ਡਾਕਟਰ ਬੀ.ਡੀ. ਸਚਦੇਵਾ ਮੈਮੋਰੀਅਲ ਵੈਲਫੇਅਰ ਸੋਸਾਇਟੀ ਦੇ ਸਾਰੇ ਅਧਿਕਾਰੀਆਂ ਅਤੇ ਮੈਂਬਰਾਂ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਉਨ੍ਹਾਂ ਦਾ ਜਨਮਦਿਨ ਯਾਦਗਾਰ ਬਣਾਇਆ।

ਰੋਜ਼ਾਨਾ ਲੋਕ ਬਾਣੀ www.lokbani

# ਪਰਾਲੀ ਨੂੰ ਅੱਗ ਲੱਗਣ ਸਬੰਧੀ ਵੱਟਸਐਪ ਅਤੇ ਫੋਨ ਕਾਲ ਤੇ ਵੀ ਸੂਚਨਾ ਮਿਲਣ ਤੇ ਤੁਰੰਤ ਕਾਰਵਾਈ ਕਰਦਿਆਂ ਦਰਜ ਕੀਤੀ ਜਾਵੇਗੀ ਐਫ. ਆਈ. ਆਰ-ਡਿਪਟੀ ਕਮਿਸ਼ਨਰ



ਤਰਨ ਤਾਰਨ , :(ਭਗਤ ਸਿੰਘ ਸੰਧੂ , ਸਾਦਿਲ ਚੋਹਲਾ )ਡਿਪਟੀ ਕਮਿਸ਼ਨਰ, ਤਰਨਤਾਰਨ ਸ੍ਰੀ ਸੰਦੀਪ ਕੁਮਾਰ ਆਈ.ਏ.ਐਸ ਵਲੋਂ ਪਰਾਲੀ ਦੇ ਸੁੱਚਜੇ ਪ੍ਰਬੰਧਨ ਸਬੰਧੀ ਸਬ ਡਵੀਜ਼ਨ ਖਡੂਰ ਸਾਹਿਬ ਦੀ ਇੱਕ ਵਿਸ਼ੇਸ਼ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਉਪ ਮੰਡਲ ਮਜਿਸਟਰੇਟ ਖਡੂਰ ਸਾਹਿਬ ਸ੍ਰੀ ਸਚਿਨ ਪਾਠਕ, ਡੀ.ਐਸ.ਪੀ ਖਡੂਰ ਸਾਹਿਬ, ਮੁੱਖ ਖੇਤੀਬਾੜੀ ਅਫਸਰ ਡਾ.ਹਰਪਾਲ ਸਿੰਘ ਪੰਨੂ, ਬਲਾਕ ਨੋਡਲ ਅਫਸਰ ਡਾ. ਨਵਤੇਜ਼ ਸਿੰਘ, ਸਬ ਡਵੀਜ਼ਨ ਖਡੂਰ ਸਾਹਿਬ ਦੇ ਐਸ. ਐਚ. ਓਜ਼, ਕਲੱਸਟਰ ਅਤੇ ਨੋਡਲ ਅਫਸਰ ਹਾਜ਼ਰ ਸਨ ।

ਡਿਪਟੀ ਕਮਿਸ਼ਨਰ, ਤਰਨਤਾਰਨ ਨੇ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਮਾਣਯੋਗ ਸੁਪਰੀਮ ਕੋਰਟ ਅਤੇ ਮਾਣਯੋਗ ਮੁੱਖ ਸੱਕਤਰ, ਪੰਜਾਬ ਸਰਕਾਰ ਵਲੋਂ ਸਖਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਜਿਸ ਏਰੀਏ ਵਿੱਚ ਕਿਸਾਨਾਂ ਵਲੋਂ ਪਰਾਲੀ ਨੂੰ ਅੱਗ ਲਗਾਈ ਜਾਂਦੀ ਹੈ, ਉਥੋਂ ਦੇ ਐਸ. ਐਚ. ਓ ਤੁਰੰਤ ਕਾਰਵਾਈ ਕਰਨ ਦੇ ਨਿੱਜੀ ਜਿੰਮੇਵਾਰ ਹੋਣਗੇ ਅਤੇ ਤੁਰੰਤ ਐਫ. ਆਈ. ਆਰ. ਦਰਜ ਕਰਨ ਦੇ ਪਾਬੰਦ ਹੋਣਗੇ। ਐਸ. ਐਚ. ਓਜ ਵਲੋਂ ਪਰਾਲੀ ਨੂੰ ਅੱਗ ਲੱਗਣ ਸਬੰਧੀ ਵੱਟਸਐਪ ਅਤੇ ਫੋਨ ਕਾਲ ਤੇ ਵੀ ਸੂਚਨਾ ਮਿਲਣ ਤੇ ਤੁਰੰਤ ਕਾਰਵਾਈ ਕਰਦਿਆਂ ਐਫ. ਆਈ. ਆਰ ਦਰਜ ਕੀਤੀ ਜਾਵੇਗੀ। ਉਹਨਾ ਕਿਹਾ ਕਿ ਖਡੂਰ ਸਾਹਿਬ ਵਿੱਚ ਪਰਾਲੀ ਨੂੰ ਅੱਗ ਲੱਗਣੀ ਸ਼ੁਰੂ ਹੋ ਗਈ ਹੈ, ਇਸ ਲਈ ਸਮੂਹ ਐਸ. ਐਚ. ਓਜ ਸੂਚਨਾ ਮਿਲਣ ਤੇ ਤੁਰੰਤ ਕਾਰਵਾਈ ਅਮਲ ਵਿੱਚ ਲਿਆਉਣ। ਉਹਨਾਂ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਵਾਲੇ ਕਿਸਾਨਾਂ ਖਿਲਾਫ਼ ਐਫ. ਆਈ. ਆਰ ਦੇ ਨਾਲ -ਨਾਲ ਜੁਰਮਾਨਾ, ਲਾਲ ਇੰਦਰਾਜ਼ ਵੀ ਕੀਤਾ ਜਾਵੇਗਾ। ਇਸ ਦੇ ਨਾਲ ਹੀ ਪਰਾਲੀ ਨੂੰ ਅੱਗ ਲਗਾਉਣ ਵਾਲੇ ਕਿਸਾਨਾਂ ਦਾ ਅਸਲਾ ਲਾਇਸੰਸ ਰੱਦ ਕਰ ਦਿੱਤਾ ਜਾਵੇਗਾ ਅਤੇ ਨਾ ਹੀ ਅਸਲਾ ਲਾਇਸੰਸ ਰੀਨਿਊ ਅਤੇ ਨਵਾ ਬਣਾ ਕੇ ਦਿੱਤਾ ਜਾਵੇਗਾ। ਪਰਾਲੀ ਨੂੰ ਅੱਗ ਲਗਾਉਣ ਵਾਲੇ ਨੰਬਰਦਾਰ ਦੀ ਨੰਬਰਦਾਰੀ ਵੀ ਖਤਮ ਕਰ ਦਿੱਤੀ ਜਾਵੇਗੀ। ਉਹਨਾਂ ਸਮੂਹ ਕਲੱਸਟਰ ਅਤੇ ਨੋਡਲ ਅਫ਼ਸਰਾਂ ਨੂੰ ਕਿਹਾ ਕਿ ਜਿਲੇ ਵਿੱਚ ਬੇਲਰ ਮੌਜੂਦ ਹਨ, ਇਸ ਲਈ ਵੱਧ ਤੋਂ ਵੱਧ ਕਿਸਾਨਾਂ ਨੂੰ ਬੇਲਰ ਮੁਹੱਈਆ ਕਰਵਾ ਕੇ ਪਰਾਲੀ ਪ੍ਰਬੰਧਨ ਕਰਵਾਇਆ ਜਾਵੇ। ਉਹਨਾਂ ਸਮੂਹ ਅਫ਼ਸਰ ਸਾਹਿਬਾਨ ਨੂੰ ਹਦਾਇਤ ਕੀਤੀ ਪਰਾਲੀ ਪ੍ਰਬੰਧਨ ਦੀ ਡਿਊਟੀ ਤੋਂ ਕਿਸੇ ਨੂੰ ਛੋਟ ਨਹੀਂ ਹੈ। ਡਿਊਟੀ ਵਿੱਚ ਕੁਤਾਹੀ ਵਰਤਣ ਵਾਲਿਆਂ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇਗੀ।

ਰੋਜ਼ਾਨਾ ਲੋਕ ਬਾਣੀ www.lokbani

# ਆਈ.ਟੀ.ਆਈ ਗਰਾਊਂਡ ਨਵਾਂਸ਼ਹਿਰ ਵਿਖੇ ਜ਼ਿਲ੍ਹਾ ਪੱਧਰੀ ਖੇਡਾਂ ਦਾ ਸ਼ਾਨਦਾਰ ਆਗਾਜ਼



ਸ਼ਹੀਦ ਭਗਤ ਸਿੰਘ ਨਗਰ (ਰਮੇਸ ਸਰਮਾ/ਮਨਪ੍ਰੀਤ ਵਾਸੂ)ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ-3 2024 ਦੇ ਤਹਿਤ ਜ਼ਿਲ੍ਹਾ ਪੱਧਰੀ ਖੇਡਾਂ ਦਾ ਅੱਜ ਆਈ. ਟੀ.ਆਈ ਗਰਾਊਂਡ ਨਵਾਂਸ਼ਹਿਰ ਵਿਖੇ ਸ਼ਾਨਦਾਰ ਆਗਾਜ਼ ਹੋਇਆ। ਐਮ.ਐਲ. ਏ ਹਲਕਾ ਬਲਾਚੌਰ ਸੰਤੋਸ਼ ਕਟਾਰੀਆ ਅਤੇ ਐਸ.ਡੀ.ਐਮ ਨਵਾਂਸ਼ਹਿਰ ਅਕਸ਼ਿਤਾ ਗੁਪਤਾ ਉਦਘਾਟਨੀ ਸਮਾਰੋਹ ਵਿਚ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ ਜਦਕਿ ਹਲਕਾ ਇੰਚਾਰਜ ਨਵਾਂਸ਼ਹਿਰ ਲਲਿਤ ਮੋਹਨ ਪਾਠਕ, ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਸਤਨਾਮ ਚੇਚੀ, ਚੇਅਰਮੈਨ ਮਾਰਕੀਟ ਕਮੇਟੀ ਨਵਾਂਸ਼ਹਿਰ ਗਗਨ ਅਗਨੀਹੋਤਰੀ ਅਤੇ ਅਸ਼ੋਕ ਕਟਾਰੀਆ ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ।ਮੁੱਖ ਮਹਿਮਾਨਾਂ ਨੇ ਜ਼ਿਲ੍ਹਾ ਪੱਧਰੀ ਖੇਡਾਂ ਦਾ ਉਦਘਾਟਨ ਕਰਦਿਆ ਬੱਚਿਆਂ ਨੂੰ ਆਸ਼ੀਰਵਾਦ ਦਿੱਤਾ ਅਤੇ ਨਸ਼ਿਆਂ ਤੋਂ ਦੂਰ ਰਹਿੰਦੇ ਹੋਏ ਖੇਡਾਂ ਵਿਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ। ਜ਼ਿਲ੍ਹਾ ਖੇਡ ਅਫ਼ਸਰ ਵੰਦਨਾ ਚੌਹਾਨ ਨੇ ਦੱਸਿਆ ਕਿ ਉਦਘਾਟਨੀ ਸਮਾਰੋਹ ਮੌਕੇ ਐਥਲੈਟਿਕਸ 800 ਮੀਟਰ ਦੀ ਦੌੜ ਕਰਵਾਈ ਗਈ, ਜਿਸ ਵਿਚ ਨੀਰਜ ਨੇ ਪਹਿਲਾ, ਭੁਪਿੰਦਰ ਨੇ ਦੂਸਰਾ ਅਤੇ ਕਰਨ ਕੁਮਾਰ ਨੇ ਤੀਸਰਾ ਸਥਾਨ ਹਾਸਲ ਕੀਤਾ। ਇਸ ਮੌਕੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗਰਲੇ ਢਾਹਾਂ ਦੇ ਬੱਚਿਆਂ ਦੁਆਰਾ ਸੱਭਿਆਚਾਰਕ ਪ੍ਰੋਗਰਾਮ ਪੇਸ ਕੀਤਾ ਗਿਆ ਅਤੇ ਮਾਰਸ਼ਲ ਆਰਟ ਗਤਕੇ ਦੇ ਖਿਡਾਰੀਆਂ ਵੱਲੋਂ ਗਤਕੇ ਦੀ ਕਲਾ ਦੇ ਜੌਹਰ ਦਿਖਾਏ ਗਏ। ਉਦਘਾਟਨੀ ਸਮਾਰੋਹ ਤੋਂ ਬਾਅਦ ਜੇਤੂ ਖਿਡਾਰੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਸ਼ਮੀਰ ਸਿੰਘ, ਗੁਰਪ੍ਰੀਤ ਸਿੰਘ, ਜਸਵਿੰਦਰ ਸਿੰਘ ਫੁੱਟਬਾਲ ਕੋਚ, ਮਲਕੀਤ ਸਿੰਘ ਅਤੇ ਲਵਪ੍ਰੀਤ ਕੌਰ ਐਥਲੈਟਿਕਸ ਕੋਚ, ਗੁਰਜੀਤ ਕੌਰ ਅਤੇ ਜਸਕਰਨ ਕੌਰ ਕਬੱਡੀ ਕੋਚ, ਹਰਿੰਦਰ ਕੌਰ ਹਾਕੀ ਕੋਚ ਤੋਂ ਇਲਾਵਾ ਖੇਡਾਂ ਦੇ ਕਨਵੀਨਰ ਅਤੇ ਕੋ-ਕਨਵੀਨਰਾਂ ਦਾ ਵਿਸ਼ੇਸ਼ ਸਹਿਯੋਗ ਰਿਹਾ। ਇਸ ਮੌਕੇ ਵੱਡੀ ਗਿਣਤੀ ਵਿਚ ਖਿਡਾਰੀਆਂ ਨੇ ਭਾਗ ਲਿਆ।

ਰੋਜ਼ਾਨਾ ਲੋਕ ਬਾਣੀ www.lokbani

# ਧਿਆਣਾ ਚ ਛਾਇਆ ਗੁਰਦਾਸ ਮਾਨ ਦੀ ਆਵਾਜ਼, ਦਰਸ਼ਕਾਂ ਨੇ ਪੰਜਾਬੀ ਗੀਤਾਂ ਤੇ ਗਾਇਆ ਝੁਕਾਅ

ਲੁਧਿਆਣਾ: (ਲੋਕ ਬਾਣੀ) ਪ੍ਰਸਿੱਧ ਪੰਜਾਬੀ ਗਾਇਕ ਗੁਰਦਾਸ ਮਾਨ ਨੇ ਆਪਣੇ ਇੰਡੀਆ ਟੂਰ ਦੇ ਹਿੱਸੇ ਵਜੋਂ ਲੁਧਿਆਣਾ ਦੇ ਪੱਖੋਵਾਲ ਰੋਡ ਤੇ ਸਥਿਤ ਓਮੈਕਸ ਰਾਇਲ ਰੈਜ਼ੀਡੈਂਸੀ ਵਿਖੇ ਇਕ ਯਾਦਗਾਰੀ ਸ਼ਾਮ ਦਾ ਆਯੋਜਨ ਕੀਤਾ। ਇਸ ਸਮਾਰੋਹ ਵਿੱਚ 2,000 ਤੋਂ ਵੱਧ ਉਤਸ਼ਾਹੀ ਲੋਕ ਸ਼ਾਮਲ ਹੋਏ ਜੋ ਮਾਨ ਦੀ ਸ਼ਾਨਦਾਰ ਕਾਰਗੁਜ਼ਾਰੀ ਦਾ ਅਨੰਦ ਲੈਣ ਲਈ ਇਕੱਠੇ ਹੋਏ ਸਨ।

ਗੁਰਦਾਸ ਮਾਨ ਨੇ ਆਪਣੇ ਪੁਰਾਣੇ ਹਿੱਟ ਗੀਤਾਂ ਦੇ ਨਾਲ-ਨਾਲ ਨਵੇਂ ਗੀਤ ਵੀ ਗਾਏ, ਜਿਸ ਨਾਲ ਇਹ ਰਾਤ ਹਰ ਉਮਰ ਦੇ ਸੰਗੀਤ ਪ੍ਰੇਮੀਆਂ ਲਈ ਖਾਸ ਬਣ ਗਈ। ਸਟੇਜ ਤੇ ਉਸ ਦੀ ਆਵਾਜ਼ ਅਤੇ ਸ਼ੈਲੀ ਨੇ ਲੋਕਾਂ ਨੂੰ ਇਕੱਠੇ ਕੀਤਾ, ਸੰਗੀਤ ਅਤੇ ਸਭਿਆਚਾਰ ਦਾ ਜਸ਼ਨ ਮਨਾਇਆ।

ਓਮੈਕਸ ਗਰੁੱਪ ਦੇ ਕਾਰਜਕਾਰੀ ਨਿਰਦੇਸ਼ਕ ਜਤਿਨ ਗੋਇਲ ਨੇ ਇਸ ਸਫਲ ਸਮਾਗਮ ਤੇ ਖੁਸ਼ੀ ਜ਼ਾਹਰ ਕੀਤੀ। ਸਾਨੂੰ ਗੁਰਦਾਸ ਮਾਨ ਵਰਗੇ ਪ੍ਰਤਿਭਾਸ਼ਾਲੀ ਅਦਾਕਾਰ ਦੀ ਮੇਜ਼ਬਾਨੀ ਕਰਨ ਤੇ ਮਾਣ ਹੈ। ਉਸ ਦਾ ਸੰਗੀਤ ਸਾਰਿਆਂ ਨੂੰ ਜੋੜਦਾ ਹੈ, ਜੋ ਸਾਡੇ ਮਿਸ਼ਨ ਨਾਲ ਮੇਲ ਖਾਂਦਾ ਹੈ। ਅਸੀਂ ਅਜਿਹੀਆਂ ਥਾਵਾਂ ਬਣਾਉਣਾ ਚਾਹੁੰਦੇ ਹਾਂ ਜਿੱਥੇ ਲੋਕ ਇੱਕ ਦੂਜੇ ਨੂੰ ਮਿਲ ਸਕਣ।




ਅਸੀਂ ਆਪਣੇ ਵਸਨੀਕਾਂ ਅਤੇ ਲੁਧਿਆਣਾ ਭਾਈਚਾਰੇ ਲਈ ਅਜਿਹੇ ਵਿਸ਼ੇਸ਼ ਅਨੁਭਵ ਬਣਾਉਣ ਦੀ ਕੋਸ਼ਿਸ਼ ਕਰਾਂਗੇ।

ਓਮੈਕਸ ਰਾਇਲ ਰੈਜ਼ੀਡੈਂਸੀ ਲੁਧਿਆਣਾ ਵਿੱਚ ਰਹਿਣ ਵਾਲੇ ਭਾਈਚਾਰੇ ਦਾ ਇੱਕ ਨਵਾਂ ਮਿਆਰ ਸਥਾਪਤ ਕਰ ਰਹੀ ਹੈ। ਇਸ ਵਿੱਚ ਸ਼ਾਨਦਾਰ ਸਹੂਲਤਾਂ ਅਤੇ ਸਮਾਗਮ ਹਨ ਜੋ ਏਕਤਾ ਅਤੇ ਸੱਭਿਆਚਾਰਕ ਸ਼ਮੂਲੀਅਤ ਨੂੰ ਉਤਸ਼ਾਹਤ ਕਰਦੇ ਹਨ। ਇਸ ਸਮਾਗਮ ਨੇ ਸਥਾਨਕ ਭਾਈਚਾਰੇ ਨੂੰ ਇਕੱਠੇ ਕਰਨ ਵਿੱਚ ਮਹੱਤਵਪੂਰਣ ਭੂਮਿਕਾ ਨਿਭਾਈ ਹੈ।

ਰੋਜ਼ਾਨਾ ਲੋਕ ਬਾਣੀ www.lokbani

# ਦਫ਼ਤਰ ਜ਼ਿਲ੍ਹਾ ਸਿੱਖਿਆ ਅਫ਼ਸਰ ਸ੍ਰੀ ਮੁਕਤਸਰ ਸਾਹਿਬ ਵੱਲੋਂ ਜਿਲ੍ਹਾ ਪੱਧਰੀ ਕਲਾ ਉਤਸਵ ਮੁਕਾਬਲੇ 2024-25 ਕਰਵਾਏ ਗਏ

ਸ੍ਰੀ ਮੁਕਤਸਰ ਸਾਹਿਬ(ਲੋਕ ਬਾਣੀ)- ਅੱਜ ਮਿਤੀ 23 ਸਤੰਬਰ 2024 ਨੂੰ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਖੇ ਮਾਨਯੋਗ ਜਿਲ੍ਹਾ ਸਿੱਖਿਆ ਅਫਸਰ ਸ੍ਰੀ ਜਸਪਾਲ ਮੋਂਗਾ, ਉਪ ਜਿਲ੍ਹਾ ਸਿੱਖਿਆ ਅਫਸਰ (ਸੈਕੰਡਰੀ) ਸ੍ਰੀ ਰਾਜਿੰਦਰ ਸੋਨੀ, ਉੱਪ ਜਿਲ੍ਹਾ ਸਿੱਖਿਆ ਅਫਸਰ (ਐਲੀਮੈਂਟਰੀ) ਸ੍ਰੀ ਅਜੇ ਸ਼ਰਮਾ, ਸਿੱਖਿਆ ਕਲਾ ਉਤਸਵ ਨੋਡਲ ਅਫਸਰ ਸ੍ਰੀ ਇਕਬਾਲ ਸਿੰਘ ਅਤੇ ਸ੍ਰੀ ਗੁਰਮੇਲ ਸਿੰਘ ਸਾਗੂ ਜੀ ਦੀ ਯੋਗ ਅਗਵਾਈ ਹੇਠ ਜਿਲ੍ਹਾ ਪੱਧਰੀ ਕਲਾ ਉਤਸਵ ਮੁਕਾਬਲੇ 2024-25 ਕਰਵਾਏ ਗਏ। ਇਹਨਾਂ ਮੁਕਾਬਲਿਆਂ ਦੇ ਪ੍ਰਬੰਧਕ ਸ੍ਰੀ ਪ੍ਰਵੀਨ ਸ਼ਰਮਾ, ਸ੍ਰੀ ਤਜਿੰਦਰ ਸਿੰਘ, ਸ਼੍ਰੀ ਧੀਰਜ ਕੁਮਾਰ ਅਤੇ ਸ਼੍ਰੀ ਦੀਪਕ ਅਰੋੜਾ ਰਹੇ ।

ਇਹਨਾਂ ਮੁਕਾਬਲਿਆਂ ਵਿੱਚ ਬੀ.ਆਰ.ਸੀ ਹਾਲ ਵਿਖੇ ਵੋਕਲ ਮਿਊਜਿਕ ਟਰੈਡੀਸ਼ਨਲ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਪਹਿਲਾ ਸਥਾਨ ਮਨਕੀਰਤ ਕੌਰ, ਜੀ ਟੀ.ਬੀ ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਦੂਜਾ ਸਥਾਨ ਮੰਨਤ ਬਜਾਜ, ਨਿਸ਼ਾਨ ਅਕੈਡਮੀ ਸੀਨੀਅਰ ਸਕੈਂਡਰੀ ਸਕੂਲ ਔਲਖ ਅਤੇ ਤੀਜਾ ਸਥਾਨ ਸਾਨੀਆ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੁੜੀਆਂ ਸ੍ਰੀ ਮੁਕਤਸਰ ਸਾਹਿਬ ਨੇ ਪ੍ਰਾਪਤ ਕੀਤਾ।

ਡਰਾਮਾ ਕੰਪੀਟੀਸ਼ਨ ਮੁਕਾਬਲੇ ਬਾਬਾ ਨਿਹਾਲ ਸਿੰਘ ਬੀਐਡ ਕਾਲਜ ਵਿਖੇ ਹੋਏ ਜਿਸ ਵਿੱਚ ਪਹਿਲਾ ਦੂਜਾ ਅਤੇ ਤੀਜਾ ਸਥਾਨ ਕਰਮਵਾਰ ਸਰਕਾਰੀ ਹਾਈ ਸਕੂਲ ਭੰਗੇਵਾਲਾ, ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਕੋਟ ਭਾਈ ਅਤੇ ਸਰਕਾਰੀ ਹਾਈ ਸਕੂਲ ਲੱਕੜ ਵਾਲਾ ਨੇ ਪ੍ਰਾਪਤ ਕੀਤਾ। ਵਿਜ਼ੂਅਲ ਆਰਟ ਮੁਕਾਬਲੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਸ੍ਰੀ ਮੁਕਤਸਰ ਸਾਹਿਬ ਵਿਖੇ ਹੋਏ ।




ਹੋਰ ਜਾਣਕਾਰੀ ਦਿੰਦੇ ਹੋਏ ਜਸਵਿੰਦਰ ਪਾਲ ਸ਼ਰਮਾ ਨੇ ਦੱਸਿਆ ਕਿ ਇਹਨਾਂ ਮੁਕਾਬਲਿਆਂ ਵਿੱਚ ਨੋਡਲ ਅਫਸਰਾਂ ਦੀ ਭੂਮਿਕਾ ਸ਼੍ਰੀ ਯਾਦਵਿੰਦਰ ਸਿੰਘ ਮੁੱਖ ਅਧਿਆਪਕ ਸਰਕਾਰੀ ਹਾਈ ਸਕੂਲ ਡੋਡਾਂਵਾਲੀ, ਸ਼੍ਰੀਮਤੀ ਮਨਛਿੰਦਰ ਕੌਰ ਮੁੱਖ ਅਧਿਆਪਿਕਾ ਸਰਕਾਰੀ ਹਾਈ ਸਕੂਲ ਅਸਪਾਲ, ਸ੍ਰੀਮਤੀ ਡਿੰਪਲ ਵਰਮਾ ਮੁੱਖ ਅਧਿਆਪਿਕਾ ਸਰਕਾਰੀ ਹਾਈ ਸਕੂਲ ਕਰਮਗੜ, ਸ਼੍ਰੀ ਪ੍ਰੀਤਮ ਸਿੰਘ ਮੁੱਖ ਅਧਿਆਪਕ ਸਰਕਾਰੀ ਹਾਈ ਸਕੂਲ ਬੂੜਾ ਗੁਜਰ ਅਤੇ ਸ਼੍ਰੀ ਹਰਦੀਪ ਕੁਮਾਰ ਮੁੱਖ ਅਧਿਆਪਕ ਸਰਕਾਰੀ ਹਾਈ ਸਕੂਲ ਭੰਗੇਵਾਲਾ ਵੱਲੋਂ ਨਿਭਾਈ ਗਈ। ਸਟੇਜ ਦੇ ਸੰਚਾਲਨ ਦੀ ਜਿੰਮੇਵਾਰੀ ਸ੍ਰੀਮਤੀ ਜਸਵਿੰਦਰ ਕੌਰ ਪੰਜਾਬੀ ਮਿਸਟ੍ਰੈਸ ਦੁਆਰਾ ਬਾਖੂਬੀ ਨਿਭਾਈ ਗਈ। ਜੱਜਮੈਂਟ ਦੀ ਭੂਮਿਕਾ ਸ਼੍ਰੀ ਰਜੇਸ਼ ਕੁਮਾਰ, ਸ੍ਰੀ ਰਘਬੀਰ ਸਿੰਘ, ਸ਼੍ਰੀ ਤਜਿੰਦਰ ਸਿੰਘ ਸ੍ਰੀ ਅਵਤਾਰ ਸਿੰਘ ਸ੍ਰੀ ਕੁਲਦੀਪ ਸਿੰਘ, ਸ੍ਰੀ ਦਵਿੰਦਰ ਸਿੰਘ,ਮਿ: ਨਵਦੀਪ ਕੌਰ, ਪ੍ਰੋਫੈਸਰ ਕੁਲਵਿੰਦਰ ਸ਼ਰਮਾ ਸ਼੍ਰੀਮਤੀ ਸਤਬੀਰ ਕੌਰ ਅਤੇ ਰਜਿਸਟਰੇਸ਼ਨ ਦੀ ਡਿਊਟੀ ਸ੍ਰੀਮਤੀ ਮਨਿੰਦਰ ਕੌਰ, ਸ੍ਰੀਮਤੀ ਰਜਨੀ ਗਰੋਵਰ, ਸ੍ਰੀਮਤੀ ਜਸਦੀਪ ਕੌਰ, ਸ੍ਰੀਮਤੀ ਪ੍ਰਿਅੰਕਾ ਚਾਵਲਾ ਅਤੇ ਸ਼੍ਰੀਮਤੀ ਨਵਦੀਪਿਕਾ ਜੈਨ ਨੇ ਨਿਭਾਈ।

# ਕੈਪਸ਼ਨ



ਅੱਜ ਪੰਜਾਬ ਰਾਜ ਭਵਨ ਵਿਖੇ ਨਵੇਂ ਮੰਤਰੀਆਂ ਦੇ ਸੋਂਹ ਚੁੱਕ ਸਮਾਗਮ ਦੌਰਾਨ ਨਵੇਂ ਮੰਤਰੀਆਂ ਸ੍ਰ. ਹਰਦੀਪ ਸਿੰਘ ਮੁੰਡੀਆਂ ਅਤੇ ਸ਼੍ਰੀ ਬਰਿੰਦਰ ਗੋਇਲ ਨੂੰ ਮੁਬਾਰਕਾਂ ਦਿੰਦੇ ਹੋਏ ਕੋਪਲ ਕੰਪਨੀ ਦੇ ਐਮ. ਡੀ. ਸ੍ਰੀ ਸੰਜੀਵ ਬਾਂਸਲ ਸੂਲਰ ਘਰਾਟ।

ਰੋਜ਼ਾਨਾ ਲੋਕ ਬਾਣੀ
www.lokbani

# ਜੈਰੀ ਨੇ ਰਿਲੀਜ਼ ਕੀਤਾ ਆਪਣਾ ਨਵਾਂ ਗੀਤ '999' !!

(ਲੋਕ ਬਾਣੀ) ਜੈਰੀ ਇੱਕ ਧਮਾਕੇ ਦੇ ਨਾਲ ਵਾਪਸ ਆ ਗਿਆ ਹੈ, ਅਤੇ ਆਪਣਾ ਨਵਾਂ ਟਰੈਕ '999' ਰਿਲੀਜ਼ ਕੀਤਾ। ਆਪਣੀ ਤਾਕਤਵਰ ਪਰਫਾਰਮੈਂਸ ਵੋਕਲ ਦੇ ਨਾਲ ਆਪਣੇ ਨਵੇਂ ਟਰੈਕ ਵਿੱਚ ਜਾਂ ਪਾ ਦਿੱਤੀ ਹੈ ਤੇ ਇਹ ਟਰੈਕ ਸਭ ਦੇ ਦਿਲਾਂ ਨੂੰ ਜਿੱਤ ਰਿਹਾ ਹੈ। ਇਹ ਟਰੈਕ ਸਾਲ ਦਾ ਗੀਤ ਬਣਨ ਲਈ ਸੈੱਟ ਕੀਤਾ ਗਿਆ ਹੈ, ਜੋ ਸਾਨੂੰ ਸਾਰਿਆਂ ਨੂੰ ਯਾਦ ਦਿਵਾਉਂਦਾ ਹੈ ਕਿ ਮਹਾਨਤਾ ਦਾ ਪਿੱਛਾ ਕਰਨ ਦਾ ਕੀ ਮਤਲਬ ਹੈ।

ਵਾਈਬ ਅਸਵੀਕਾਰਨਯੋਗ ਹੈ-ਇਹ ਜੈਰੀ ਉਸ ਦਾ ਸਭ ਤੋਂ ਉੱਤਮ ਹੈ, ਨਾ ਸਿਰਫ਼ ਇੱਕ ਕਲਾਕਾਰ ਵਜੋਂ, ਸਗੋਂ ਇੱਕ ਸੱਭਿਆਚਾਰਕ ਪ੍ਰਤੀਕ ਵਜੋਂ ਉਸਦੀ ਸਥਿਤੀ ਨੂੰ ਮਜ਼ਬੂਤ ਕਰਦਾ ਹੈ। ਜੈਰੀ ਨੇ ।ਆਪਣੇ ਇਸ ਗੀਤ ਦੇ ਨਾਲ ਦਰਸ਼ਕਾਂ ਦੇ ਦਿਲਾਂ ਉੱਤੇ ਰਾਜ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ। ਗੀਤ ਬਾਰੇ ਗੱਲ ਕਰਦੇ ਹੋਏ, ਜੈਰੀ ਨੇ ਸਾਂਝਾ ਕੀਤਾ, '999' ਸ਼ਕਤੀ ਅਤੇ ਲਚਕੀਲੇਪਣ ਦਾ ਗੀਤ ਹੈ। ਊਰਜਾ ਅਗਲੇ ਪੱਧਰ ਦੀ ਹੈ, ਜੋ ਕਿ ਜ਼ੋਰਦਾਰ ਹਿੱਟ ਹੋਣ ਵਾਲੀਆਂ ਬੀਟਾਂ ਅਤੇ ਤੁਹਾਡੇ ਨਾਲ ਰਹਿਣ ਵਾਲੇ ਬੋਲਾਂ ਨਾਲ। ਇਹ ਇਸ ਕਿਸਮ ਦਾ ਟਰੈਕ ਹੈ ਜੋ ਤੁਹਾਨੂੰ ਅਜਿੱਤ ਮਹਿਸੂਸ ਕਰਦਾ ਹੈ ਜਿਵੇਂ ਤੁਸੀਂ ਕਿਸੇ ਵੀ ਚੀਜ਼ ਨੂੰ ਜਿੱਤ ਸਕਦੇ ਹੋ।'

'999' ਸਿਰਫ਼ ਇੱਕ ਹੋਰ ਰਿਲੀਜ਼ ਨਹੀਂ ਹੈ - ਇਹ ਇੱਕ ਘੋਸ਼ਣਾ ਹੈ ਕਿ ਜੈਰੀ ਦੀ ਵਿਰਾਸਤ ਨੂੰ ਰੋਕਿਆ ਨਹੀਂ ਜਾ ਸਕਦਾ ਹੈ। ਪ੍ਰੇਰਿਤ, ਊਰਜਾਵਾਨ, ਅਤੇ ਇਸ ਬੈਂਗਰ ਦੇ ਆਦੀ ਹੋਣ ਲਈ ਤਿਆਰ ਰਹੋ ਜੋ ਚਾਰਟ ਅਤੇ ਦਿਲਾਂ ਤੇ ਇੱਕੋ ਜਿਹਾ ਹਾਵੀ ਹੋਣਾ ਯਕੀਨੀ ਹੈ।




ਰੋਜ਼ਾਨਾ ਲੋਕ ਬਾਣੀ
www.lokbani

# ਮਾਛੀਵਾੜਾ ਸਾਹਿਬ ਵਿਖੇ 'ਆਫ਼ਿਸ ਅਸਿਸਟੈਂਟ' ਦੇ ਮੁਫ਼ਤ ਕੋਰਸ ਲਈ ਦਾਖ਼ਲੇ ਸ਼ੁਰੂ

ਸ੍ਰੀ ਮਾਛੀਵਾੜਾ ਸਾਹਿਬ—(ਲੋਕ ਬਾਣੀ)--ਇੱਥੋਂ ਦੀ ਨਾਮਵਰ ਵਿੱਦਿਅਕ ਸੰਸਥਾ ਮਾਸਟਰ ਮਾਈਂਡ ਡਿਜ਼ੀਟਲ ਐਜੂਕੇਸ਼ਨ ਦੇ ਡਾਇਰੈਕਟਰ ਅੰਮ੍ਰਿਤਪਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਭਾਰਤ ਸਰਕਾਰ ਵੱਲੋਂ ਸਕਿੱਲ ਇੰਡੀਆ ਤਹਿਤ ਸਵਰਾਜ ਮਹਿੰਦਰਾ ਗਰੁੱਪ ਦੇ ਜ਼ਰੀਏ 18 ਤੋਂ 35 ਸਾਲ ਦੀਆਂ ਲੜਕੀਆਂ ਅਤੇ ਔਰਤਾਂ ਲਈ ਇੱਕ ਮਹੀਨੇ ਦਾ ਮੁਫ਼ਤ 'ਆਫ਼ਿਸ ਅਸਿਸਟੈਂਟ' ਦਾ ਕੋਰਸ ਕਰਵਾਇਆ ਜਾ ਰਿਹਾ ਹੈ, ਜਿਸਦੇ ਦਾਖ਼ਲੇ ਸ਼ੁਰੂ ਹਨ। ਉਨ੍ਹਾਂ ਦੱਸਿਆ ਕਿ ਐਮ.ਐਨ.ਐਸ. ਸਕਿੱਲ ਇੰਡੀਆ ਫਾਊਂਡੇਸ਼ਨ ਮੋਹਾਲੀ ਦੇ ਵੱਡੇ ਸਹਿਯੋਗ ਸਦਕਾ ਮਾਛੀਵਾੜਾ ਸਾਹਿਬ ਵਿਖੇ ਇਹ ਕੋਰਸ ਬਿਨਾਂ ਕਿਸੇ ਫੀਸ ਤੋਂ ਕਰਵਾਇਆ ਜਾਵੇਗਾ। ਕੋਰਸ ਪੂਰਾ ਹੋਣ ਉਪਰੰਤ ਸਭਨਾਂ ਨੂੰ ਸਰਟੀਫਿਕੇਟ ਮੁਹੱਈਆ ਕਰਵਾਏ ਜਾਣਗੇ ਅਤੇ ਨੌਕਰੀਆਂ ਵੀ ਦਿਵਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਇਸ ਕੋਰਸ ਲਈ ਕਿਸੇ ਵੀ ਰੂਪ 'ਚ ਅਪਾਹਜ਼ ਮੁੰਡੇ-ਕੁੜੀਆਂ ਵੀ ਦਾਖ਼ਲਾ ਲੈ ਸਕਦੇ ਹਨ। ਉਨ੍ਹਾਂ ਅਪੀਲ ਕੀਤੀ ਕਿ ਇਹ ਮੁਫ਼ਤ ਕੋਰਸ ਕਰਨ ਦੇ ਇਛੁੱਕ 25 ਸਤੰਬਰ 2024 ਤੱਕ ਆਪਣੇ ਡਾਕੂਮੈਂਟ ਮਾਸਟਰ ਮਾਈਂਡ ਡਿਜ਼ੀਟਲ ਐਜੂਕੇਸ਼ਨ, ਅਨਾਜ ਮੰਡੀ ਦੇ ਸਾਹਮਣੇ, ਪੰਜਾਬ ਐਂਡ ਸਿੰਧ ਬੈਂਕ ਦੇ ਉੱਪਰ, ਮਾਛੀਵਾੜਾ ਸਾਹਿਬ ਵਿਖੇ ਜਮ੍ਹਾ ਕਰਵਾ ਦੇਣ।

ਰੋਜ਼ਾਨਾ ਲੋਕ ਬਾਣੀ
www.lokbani

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
82880 21797
82880 21798
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
SINCE 1958
EDUCATIONAL 64 YEARS EXCELLENCE
MORE THAN
• 56 Colleges & Schools • 200 Merit Positions
• 125 Companies For Placements
• 75 Academic Courses
• 2000 Placements In 2022 - 2023
• 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565